## ਜੈਤਸਰੀ ਮਹਲਾ ੪ ਘਰੁ ੧ ਚਉਪਦੇ

# ੴ ਸਤਿਗੁਰ ਪ੍ਰਸਾਦਿ ॥

ਮੇਰੈ ਹੀਅਰੈ ਰਤਨੁ ਨਾਮੁ ਹਰਿ ਬਸਿਆ ਗੁਰਿ ਹਾਥੁ ਧਰਿਓ ਮੇਰੈ ਮਾਥਾ ॥ ਜਨਮ ਜਨਮ ਕੇ ਕਿਲਬਿਖ ਦੁਖ ਉਤਰੇ ਗੁਰਿ ਨਾਮੁ ਦੀਓ ਰਿਨੁ ਲਾਥਾ ॥੧॥ ਮੇਰੇ ਮਨ ਭਜੁ ਰਾਮ ਨਾਮੁ ਸਭਿ ਅਰਥਾ ॥ ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ਬਿਨੁ ਨਾਵੈ ਜੀਵਨੁ ਬਿਰਥਾ ॥ ਰਹਾਉ ॥ ਬਿਨੁ ਗੁਰ ਮੂੜ ਭਏ ਹੈ ਮਨਮੁਖ ਤੇ ਮੋਹ ਮਾਇਆ ਨਿਤ ਫਾਥਾ ॥ ਤਿਨ ਸਾਧੂ ਚਰਣ ਨ ਸੇਵੇ ਕਬਹੂ ਤਿਨ ਸਭੁ ਜਨਮੁ ਅਕਾਥਾ ॥੨॥ ਜਿਨ ਸਾਧੂ ਚਰਣ ਸਾਧ ਪਗ ਸੇਵੇ ਤਿਨ ਸਫਲਿਓ ਜਨਮੁ ਸਨਾਥਾ ॥ ਮੋ ਕਉ ਕੀਜੈ ਦਾਸੁ ਦਾਸ ਦਾਸਨ ਕੋ ਹਰਿ ਦਇਆ ਧਾਰਿ ਜਗੰਨਾਥਾ ॥੩॥ ਹਮ ਅੰਧੁਲੇ ਗਿਆਨਹੀਨ ਅਗਿਆਨੀ ਕਿਉ ਚਾਲਹ ਮਾਰਗਿ ਪੰਥਾ ॥ ਹਮ ਅੰਧੁਲੇ ਕਉ ਗੁਰ ਅੰਚਲੁ ਦੀਜੈ ਜਨ ਨਾਨਕ ਚਲਹ ਮਿਲੰਥਾ ॥੪॥੧॥ ਜੈਤਸਰੀ ਮਹਲਾ ੪ ॥ ਹੀਰਾ ਲਾਲੁ ਅਮੋਲਕੁ ਹੈ ਭਾਰੀ ਬਿਨੁ ਗਾਹਕ ਮੀਕਾ ਕਾਖਾ ॥ ਰਤਨ ਗਾਹਕੁ ਗੁਰੁ ਸਾਧੂ ਦੇਖਿਓ ਤਬ ਰਤਨੁ ਬਿਕਾਨੋ ਲਾਖਾ ॥੧॥ ਮੇਰੈ ਮਨਿ ਗੁਪਤ ਹੀਰੁ ਹਰਿ ਰਾਖਾ ॥ ਦੀਨ ਦਇਆਲਿ ਮਿਲਾਇਓ ਗੁਰੁ ਸਾਧੂ ਗੁਰਿ ਮਿਲਿਐ ਹੀਰੁ ਪਰਾਖਾ ॥ ਰਹਾਉ ॥ ਮਨਮੁਖ ਕੋਠੀ ਅਗਿਆਨੁ ਅੰਧੇਰਾ ਤਿਨ ਘਰਿ ਰਤਨੁ ਨ ਲਾਖਾ ॥ ਤੇ ਊਝੜਿ ਭਰਮਿ ਮੁਏ ਗਾਵਾਰੀ ਮਾਇਆ ਭੁਅੰਗ ਬਿਖੁ ਚਾਖਾ ॥੨॥ ਹਰਿ ਹਰਿ ਸਾਧ ਮੇਲਹੁ ਜਨ ਨੀਕੇ ਹਰਿ ਸਾਧੂ ਸਰਣਿ ਹਮ ਰਾਖਾ ॥ ਹਰਿ ਅੰਗੀਕਾਰੁ ਕਰਹੁ ਪ੍ਰਭ ਸੁਆਮੀ ਹਮ ਪਰੇ ਭਾਗਿ ਤੁਮ ਪਾਖਾ ॥੩॥ ਜਿਹਵਾ ਕਿਆ ਗੁਣ ਆਖਿ ਵਖਾਣਹ ਤੁਮ ਵਡ ਅਗਮ ਵਡ ਪੁਰਖਾ ॥ ਜਨ ਨਾਨਕ ਹਰਿ ਕਿਰਪਾ ਧਾਰੀ

ਪਾਖਾਣੁ ਡੁਬਤ ਹਰਿ ਰਾਖਾ ॥੪॥੨॥ ਜੈਤਸਰੀ ਮਃ ੪ ॥ ਹਮ ਬਾਰਿਕ ਕਛੂਅ ਨ ਜਾਨਹ ਗਤਿ ਮਿਤਿ ਤੇਰੇ ਮੂਰਖ ਮੁਗਧ ਇਆਨਾ ॥ ਹਰਿ ਕਿਰਪਾ ਧਾਰਿ ਦੀਜੈ ਮਤਿ ਊਤਮ ਕਰਿ ਲੀਜੈ ਮੁਗਧੁ ਸਿਆਨਾ ॥੧॥ ਮੇਰਾ ਮਨੁ ਆਲਸੀਆ ਉਘਲਾਨਾ ॥ ਹਰਿ ਹਰਿ ਆਨਿ ਮਿਲਾਇਓ ਗੁਰੁ ਸਾਧੂ ਮਿਲਿ ਸਾਧੂ ਕਪਟ ਖੁਲਾਨਾ ॥ ਰਹਾਉ ॥ ਗੁਰ ਖਿਨੁ ਖਿਨੁ ਪ੍ਰੀਤਿ ਲਗਾਵਹੁ ਮੇਰੈ ਹੀਅਰੈ ਮੇਰੇ ਪ੍ਰੀਤਮ ਨਾਮੁ ਪਰਾਨਾ ॥ ਬਿਨੁ ਨਾਵੈ ਮਰਿ ਜਾਈਐ ਮੇਰੇ ਠਾਕੁਰ ਜਿਉ ਅਮਲੀ ਅਮਲਿ ਲੁਭਾਨਾ ॥੨॥ ਜਿਨ ਮਨਿ ਪ੍ਰੀਤਿ ਲਗੀ ਹਰਿ ਕੇਰੀ ਤਿਨ ਧੁਰਿ ਭਾਗ ਪੁਰਾਨਾ ॥ ਤਿਨ ਹਮ ਚਰਣ ਸਰੇਵਹ ਖਿਨੁ ਖਿਨੁ ਜਿਨ ਹਰਿ ਮੀਠ ਲਗਾਨਾ ॥੩॥ ਹਰਿ ਹਰਿ ਕ੍ਰਿਪਾ ਧਾਰੀ ਮੇਰੈ ਠਾਕੁਰਿ ਜਨੁ ਬਿਛੁਰਿਆ ਚਿਰੀ ਮਿਲਾਨਾ ॥ ਧਨੁ ਧਨੁ ਸਤਿਗੁਰੁ ਜਿਨਿ ਨਾਮੁ ਦ੍ਰਿੜਾਇਆ ਜਨੁ ਨਾਨਕੁ ਤਿਸੁ ਕੁਰਬਾਨਾ ॥੪॥੩॥ ਜੈਤਸਰੀ ਮਹਲਾ ੪ ॥ ਸਤਿਗੁਰੁ ਸਾਜਨੁ ਪੁਰਖੁ ਵਡ ਪਾਇਆ ਹਰਿ ਰਸਕਿ ਰਸਕਿ ਫਲ ਲਾਗਿਬਾ ॥ ਮਾਇਆ ਭੁਇਅੰਗ ਗ੍ਰਸਿਓ ਹੈ ਪ੍ਰਾਣੀ ਗੁਰ ਬਚਨੀ ਬਿਸੁ ਹਰਿ ਕਾਢਿਬਾ ॥੧॥ ਮੇਰਾ ਮਨੁ ਰਾਮ ਨਾਮ ਰਸਿ ਲਾਗਿਬਾ ॥ ਹਰਿ ਕੀਏ ਪਤਿਤ ਪਵਿਤ੍ਰ ਮਿਲਿ ਸਾਧ ਗੁਰ ਹਰਿ ਨਾਮੈ ਹਰਿ ਰਸੁ ਚਾਖਿਬਾ ॥ ਰਹਾਉ ॥ ਧਨੁ ਧਨੁ ਵਡਭਾਗ ਮਿਲਿਓ ਗੁਰੁ ਸਾਧੂ ਮਿਲਿ ਸਾਧੂ ਲਿਵ ਉਨਮਨਿ ਲਾਗਿਬਾ ॥ ਤ੍ਰਿਸਨਾ ਅਗਨਿ ਬੁਝੀ ਸਾਂਤਿ ਪਾਈ ਹਰਿ ਨਿਰਮਲ ਨਿਰਮਲ ਗੁਨ ਗਾਇਬਾ ॥੨॥ ਤਿਨ ਕੇ ਭਾਗ ਖੀਨ ਧੁਰਿ ਪਾਏ ਜਿਨ ਸਤਿਗੁਰ ਦਰਸੁ ਨ ਪਾਇਬਾ ॥ ਤੇ ਦੂਜੈ ਭਾਇ ਪਵਹਿ ਗ੍ਰਭ ਜੋਨੀ ਸਭੁ ਬਿਰਥਾ ਜਨਮੁ ਤਿਨ ਜਾਇਬਾ ॥੩॥ ਹਰਿ ਦੇਹੁ ਬਿਮਲ ਮਤਿ ਗੁਰ ਸਾਧ ਪਗ ਸੇਵਹ ਹਮ ਹਰਿ ਮੀਠ ਲਗਾਇਬਾ ॥ ਜਨੁ ਨਾਨਕੁ ਰੇਣ ਸਾਧ ਪਗ ਮਾਗੈ ਹਰਿ ਹੋਇ ਦਇਆਲੁ ਦਿਵਾਇਬਾ ॥੪॥੪॥ ਜੈਤਸਰੀ ਮਹਲਾ ੪ ॥ ਜਿਨ ਹਰਿ ਹਿਰਦੈ ਨਾਮੁ ਨ ਬਸਿਓ ਤਿਨ ਮਾਤ ਕੀਜੈ ਹਰਿ ਬਾਂਝਾ ॥ ਤਿਨ ਸੁੰਞੀ ਦੇਹ ਫਿਰਹਿ ਬਿਨੁ ਨਾਵੈ ਓਇ ਖਪਿ ਖਪਿ ਮੁਏ ਕਰਾਂਝਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਹਰਿ ਮਾਝਾ ॥ ਹਰਿ ਹਰਿ ਕ੍ਰਿਪਾਲਿ ਕ੍ਰਿਪਾ ਪ੍ਰਭਿ ਧਾਰੀ ਗੁਰਿ ਗਿਆਨੁ ਦੀਓ ਮਨੁ ਸਮਝਾ ॥ ਰਹਾਉ ॥ ਹਰਿ ਕੀਰਤਿ ਕਲਜੁਗਿ ਪਦੁ ਊਤਮੁ ਹਰਿ ਪਾਈਐ ਸਤਿਗੁਰ ਮਾਝਾ ॥ ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਗੁਪਤੁ ਨਾਮੁ ਪਰਗਾਝਾ ॥੨॥ ਦਰਸਨੁ ਸਾਧ ਮਿਲਿਓ ਵਡਭਾਗੀ ਸਭਿ ਕਿਲਬਿਖ ਗਏ ਗਵਾਝਾ ॥ ਸਤਿਗੁਰੁ ਸਾਹੁ ਪਾਇਆ ਵਡ ਦਾਣਾ ਹਰਿ

ਕੀਏ ਬਹੁ ਗੁਣ ਸਾਝਾ ॥੩॥ ਜਿਨ ਕਉ ਕ੍ਰਿਪਾ ਕਰੀ ਜਗਜੀਵਨਿ ਹਰਿ ਉਰਿ ਧਾਰਿਓ ਮਨ ਮਾਝਾ ॥ ਧਰਮ ਰਾਇ ਦਰਿ ਕਾਗਦ ਫਾਰੇ ਜਨ ਨਾਨਕ ਲੇਖਾ ਸਮਝਾ ॥੪॥੫॥ ਜੈਤਸਰੀ ਮਹਲਾ ੪ ॥ ਸਤਸੰਗਤਿ ਸਾਧ ਪਾਈ ਵਡਭਾਗੀ ਮਨੁ ਚਲਤੌ ਭਇਓ ਅਰੂੜਾ ॥ ਅਨਹਤ ਧੁਨਿ ਵਾਜਹਿ ਨਿਤ ਵਾਜੇ ਹਰਿ ਅੰਮ੍ਰਿਤ ਧਾਰ ਰਸਿ ਲੀੜਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਹਰਿ ਰੂੜਾ ॥ ਮੇਰੈ ਮਨਿ ਤਨਿ ਪ੍ਰੀਤਿ ਲਗਾਈ ਸਤਿਗੁਰਿ ਹਰਿ ਮਿਲਿਓ ਲਾਇ ਝਪੀੜਾ ॥ ਰਹਾਉ ॥ ਸਾਕਤ ਬੰਧ ਭਏ ਹੈ ਮਾਇਆ ਬਿਖੁ ਸੰਚਹਿ ਲਾਇ ਜਕੀੜਾ ॥ ਹਰਿ ਕੈ ਅਰਥਿ ਖਰਚਿ ਨਹ ਸਾਕਹਿ ਜਮਕਾਲੁ ਸਹਹਿ ਸਿਰਿ ਪੀੜਾ ॥੨॥ ਜਿਨ ਹਰਿ ਅਰਥਿ ਸਰੀਰੁ ਲਗਾਇਆ ਗੁਰ ਸਾਧੂ ਬਹੁ ਸਰਧਾ ਲਾਇ ਮੁਖਿ ਧੂੜਾ ॥ ਹਲਤਿ ਪਲਤਿ ਹਰਿ ਸੋਭਾ ਪਾਵਹਿ ਹਰਿ ਰੰਗੁ ਲਗਾ ਮਨਿ ਗੂੜਾ ॥੩॥ ਹਰਿ ਹਰਿ ਮੇਲਿ ਮੇਲਿ ਜਨ ਸਾਧੂ ਹਮ ਸਾਧ ਜਨਾ ਕਾ ਕੀੜਾ ॥ ਜਨ ਨਾਨਕ ਪ੍ਰੀਤਿ ਲਗੀ ਪਗ ਸਾਧ ਗੁਰ ਮਿਲਿ ਸਾਧੂ ਪਾਖਾਣੁ ਹਰਿਓ ਮਨੁ ਮੂੜਾ ॥੪॥੬॥

ਜੈਤਸਰੀ ਮਹਲਾ ੪ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਹਰਿ ਹਰਿ ਸਿਮਰਹੁ ਅਗਮ ਅਪਾਰਾ ॥ ਜਿਸੁ ਸਿਮਰਤ ਦੁਖੁ ਮਿਟੈ ਹਮਾਰਾ ॥ ਹਰਿ ਹਰਿ ਸਤਿਗੁਰੁ ਪੁਰਖੁ ਮਿਲਾਵਹੁ ਗੁਰਿ ਮਿਲਿਐ ਸੁਖੁ ਹੋਈ ਰਾਮ ॥੧॥ ਹਰਿ ਗੁਣ ਗਾਵਹੁ ਮੀਤ ਹਮਾਰੇ ॥ ਹਰਿ ਹਰਿ ਨਾਮੁ ਰਖਹੁ ਉਰ ਧਾਰੇ ॥ ਹਰਿ ਹਰਿ ਅੰਮ੍ਰਿਤ ਬਚਨ ਸੁਣਾਵਹੁ ਗੁਰ ਮਿਲਿਐ ਪਰਗਟੁ ਹੋਈ ਰਾਮ ॥੨॥ ਮਧੁਸੂਦਨ ਹਰਿ ਮਾਧੋ ਪ੍ਰਾਨਾ ॥ ਮੇਰੈ ਮਨਿ ਤਨਿ ਅੰਮ੍ਰਿਤ ਮੀਠ ਲਗਾਨਾ ॥ ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਪੁਰਖੁ ਨਿਰੰਜਨੁ ਸੋਈ ਰਾਮ ॥੩॥ ਹਰਿ ਹਰਿ ਨਾਮੁ ਸਦਾ ਸੁਖਦਾਤਾ ॥ ਹਰਿ ਕੈ ਰੰਗਿ ਮੇਰਾ ਮਨੁ ਰਾਤਾ ॥ ਹਰਿ ਹਰਿ ਮਹਾ ਪੁਰਖੁ ਗੁਰੁ ਮੇਲਹੁ ਗੁਰ ਨਾਨਕ ਨਾਮਿ ਸੁਖੁ ਹੋਈ ਰਾਮ ॥੪॥੧॥੭॥ ਜੈਤਸਰੀ ਮਃ ੪ ॥ ਹਰਿ ਹਰਿ ਹਰਿ ਹਰਿ ਨਾਮੁ ਜਪਾਹਾ ॥ ਗੁਰਮੁਖਿ ਨਾਮੁ ਸਦਾ ਲੈ ਲਾਹਾ ॥ ਹਰਿ ਹਰਿ ਹਰਿ ਹਰਿ ਭਗਤਿ ਦ੍ਰਿੜਾਵਹੁ ਹਰਿ ਹਰਿ ਨਾਮੁ ਓਮਾਹਾ ਰਾਮ ॥੧॥ ਹਰਿ ਹਰਿ ਨਾਮੁ ਦਇਆਲੁ ਧਿਆਹਾ ॥ ਹਰਿ ਕੈ ਰੰਗਿ ਸਦਾ ਗੁਣ ਗਾਹਾ ॥ ਹਰਿ ਹਰਿ ਹਰਿ ਜਸੁ ਘੂਮਰਿ ਪਾਵਹੁ ਮਿਲਿ ਸਤਸੰਗਿ ਓਮਾਹਾ ਰਾਮ ॥੨॥ ਆਉ ਸਖੀ ਹਰਿ ਮੇਲਿ ਮਿਲਾਹਾ ॥ ਸੁਣਿ ਹਰਿ ਕਥਾ ਨਾਮੁ ਲੈ ਲਾਹਾ ॥

ਹਰਿ ਹਰਿ ਕ੍ਰਿਪਾ ਧਾਰਿ ਗੁਰ ਮੇਲਹੁ ਗੁਰਿ ਮਿਲਿਐ ਹਰਿ ਉਮਾਹਾ ਰਾਮ ॥੩॥ ਕਰਿ ਕੀਰਤਿ ਜਸੁ ਅਗਮ ਅਥਾਹਾ ॥
ਖਿਨੁ ਖਿਨੁ ਰਾਮ ਨਾਮੁ ਗਾਵਾਹਾ ॥ ਮੋ ਕਉ ਧਾਰਿ ਕ੍ਰਿਪਾ ਮਿਲੀਐ ਗੁਰ ਦਾਤੇ ਹਰਿ ਨਾਨਕ ਭਗਤਿ ਉਮਾਹਾ
ਰਾਮ ॥੪॥੨॥੮॥ ਜੈਤਸਰੀ ਮਃ ੪ ॥ ਰਸਿ ਰਸਿ ਰਾਮੁ ਰਸਾਲੁ ਸਲਾਹਾ ॥ ਮਨੁ ਰਾਮ ਨਾਮਿ ਭੀਨਾ ਲੈ ਲਾਹਾ ॥
ਖਿਨੁ ਖਿਨੁ ਭਗਤਿ ਕਰਹ ਦਿਨੁ ਰਾਤੀ ਗੁਰਮਤਿ ਭਗਤਿ ਉਮਾਹਾ ਰਾਮ ॥੧॥ ਹਰਿ ਹਰਿ ਗੁਣ ਗੋਵਿੰਦ ਜਪਾਹਾ ॥
ਮਨੁ ਤਨੁ ਜੀਤਿ ਸਬਦੁ ਲੈ ਲਾਹਾ ॥ ਗੁਰਮਤਿ ਪੰਚ ਦੂਤ ਵਸਿ ਆਵਹਿ ਮਨਿ ਤਨਿ ਹਰਿ ਓਮਾਹਾ ਰਾਮ ॥੨॥
ਨਾਮੁ ਰਤਨੁ ਹਰਿ ਨਾਮੁ ਜਪਾਹਾ ॥ ਹਰਿ ਗੁਣ ਗਾਇ ਸਦਾ ਲੈ ਲਾਹਾ ॥ ਦੀਨ ਦਇਆਲ ਕ੍ਰਿਪਾ ਕਰਿ ਮਾਧੋ ਹਰਿ
ਹਰਿ ਨਾਮੁ ਉਮਾਹਾ ਰਾਮ ॥੩॥ ਜਪਿ ਜਗਦੀਸੁ ਜਪਉ ਮਨ ਮਾਹਾ ॥ ਹਰਿ ਹਰਿ ਜਗੰਨਾਥੁ ਜਗਿ ਲਾਹਾ ॥ ਧਨੁ
ਧਨੁ ਵਡੇ ਠਾਕੁਰ ਪ੍ਰਭ ਮੇਰੇ ਜਪਿ ਨਾਨਕ ਭਗਤਿ ਓਮਾਹਾ ਰਾਮ ॥੪॥੩॥੯॥ ਜੈਤਸਰੀ ਮਹਲਾ ੪ ॥ ਆਪੇ ਜੋਗੀ
ਜੁਗਤਿ ਜੁਗਾਹਾ ॥ ਆਪੇ ਨਿਰਭਉ ਤਾੜੀ ਲਾਹਾ ॥ ਆਪੇ ਹੀ ਆਪਿ ਆਪਿ ਵਰਤੈ ਆਪੇ ਨਾਮਿ ਉਮਾਹਾ ਰਾਮ
॥੧॥ ਆਪੇ ਦੀਪ ਲੋਅ ਦੀਪਾਹਾ ॥ ਆਪੇ ਸਤਿਗੁਰੁ ਸਮੁੰਦੁ ਮਥਾਹਾ ॥ ਆਪੇ ਮਥਿ ਮਥਿ ਤਤੁ ਕਢਾਏ ਜਪਿ
ਨਾਮੁ ਰਤਨੁ ਉਮਾਹਾ ਰਾਮ ॥੨॥ ਸਖੀ ਮਿਲਹੁ ਮਿਲਿ ਗੁਣ ਗਾਵਾਹਾ ॥ ਗੁਰਮੁਖਿ ਨਾਮੁ ਜਪਹੁ ਹਰਿ ਲਾਹਾ ॥
ਹਰਿ ਹਰਿ ਭਗਤਿ ਦ੍ਰਿੜੀ ਮਨਿ ਭਾਈ ਹਰਿ ਹਰਿ ਨਾਮੁ ਉਮਾਹਾ ਰਾਮ ॥੩॥ ਆਪੇ ਵਡ ਦਾਣਾ ਵਡ ਸਾਹਾ ॥
ਗੁਰਮੁਖਿ ਪੂੰਜੀ ਨਾਮੁ ਵਿਸਾਹਾ ॥ ਹਰਿ ਹਰਿ ਦਾਤਿ ਕਰਹੁ ਪ੍ਰਭ ਭਾਵੈ ਗੁਣ ਨਾਨਕ ਨਾਮੁ ਉਮਾਹਾ ਰਾਮ ॥
੪॥੪॥੧੦॥ ਜੈਤਸਰੀ ਮਹਲਾ ੪ ॥ ਮਿਲਿ ਸਤਸੰਗਤਿ ਸੰਗਿ ਗੁਰਾਹਾ ॥ ਪੂੰਜੀ ਨਾਮੁ ਗੁਰਮੁਖਿ ਵੇਸਾਹਾ ॥
ਹਰਿ ਹਰਿ ਕ੍ਰਿਪਾ ਧਾਰਿ ਮਧੁਸੂਦਨ ਮਿਲਿ ਸਤਸੰਗਿ ਉਮਾਹਾ ਰਾਮ ॥੧॥ ਹਰਿ ਗੁਣ ਬਾਣੀ ਸ੍ਰਵਣਿ ਸੁਣਾਹਾ ॥
ਕਰਿ ਕਿਰਪਾ ਸਤਿਗੁਰੂ ਮਿਲਾਹਾ ॥ ਗੁਣ ਗਾਵਹ ਗੁਣ ਬੋਲਹ ਬਾਣੀ ਹਰਿ ਗੁਣ ਜਪਿ ਉਮਾਹਾ ਰਾਮ ॥੨॥
ਸਭਿ ਤੀਰਥ ਵਰਤ ਜਗ ਪੁੰਨ ਤੋੁਲਾਹਾ ॥ ਹਰਿ ਹਰਿ ਨਾਮ ਨ ਪੁਜਹਿ ਪੁਜਾਹਾ ॥ ਹਰਿ ਹਰਿ ਅਤੁਲੁ ਤੋਲੁ ਅਤਿ
ਭਾਰੀ ਗੁਰਮਤਿ ਜਪਿ ਉਮਾਹਾ ਰਾਮ ॥੩॥ ਸਭਿ ਕਰਮ ਧਰਮ ਹਰਿ ਨਾਮੁ ਜਪਾਹਾ ॥ ਕਿਲਵਿਖ ਮੈਲੁ ਪਾਪ
ਧੋਵਾਹਾ ॥ ਦੀਨ ਦਇਆਲ ਹੋਹੁ ਜਨ ਊਪਰਿ ਦੇਹੁ ਨਾਨਕ ਨਾਮੁ ਓਮਾਹਾ ਰਾਮ ॥੪॥੫॥੧੧॥

ਜੈਤਸਰੀ ਮਹਲਾ ੫ ਘਰੁ ੩ ੴ ਸਤਿਗੁਰ ਪ੍ਰਸਾਦਿ ॥
ਕੋਈ ਜਾਨੈ ਕਵਨੁ ਈਹਾ ਜਗਿ ਮੀਤੁ ॥ ਜਿਸੁ ਹੋਇ ਕ੍ਰਿਪਾਲੁ ਸੋਈ ਬਿਧਿ ਬੂਝੈ ਤਾ ਕੀ ਨਿਰਮਲ ਰੀਤਿ ॥੧॥ ਰਹਾਉ ॥ ਮਾਤ ਪਿਤਾ ਬਨਿਤਾ ਸੁਤ ਬੰਧਪ ਇਸਟ ਮੀਤ ਅਰੁ ਭਾਈ ॥ ਪੂਰਬ ਜਨਮ ਕੇ ਮਿਲੇ ਸੰਜੋਗੀ ਅੰਤਹਿ ਕੋ ਨ ਸਹਾਈ ॥੧॥ ਮੁਕਤਿ ਮਾਲ ਕਨਿਕ ਲਾਲ ਹੀਰਾ ਮਨ ਰੰਜਨ ਕੀ ਮਾਇਆ ॥ ਹਾ ਹਾ ਕਰਤ ਬਿਹਾਨੀ ਅਵਧਹਿ ਤਾ ਮਹਿ ਸੰਤੋਖੁ ਨ ਪਾਇਆ ॥੨॥ ਹਸਤਿ ਰਥ ਅਸ੍ਵ ਪਵਨ ਤੇਜ ਧਣੀ ਭੂਮਨ ਚਤੁਰਾਂਗਾ ॥ ਸੰਗਿ ਨ ਚਾਲਿਓ ਇਨ ਮਹਿ ਕਛੂਐ ਊਠਿ ਸਿਧਾਇਓ ਨਾਂਗਾ ॥੩॥ ਹਰਿ ਕੇ ਸੰਤ ਪ੍ਰਿਅ ਪ੍ਰੀਤਮ ਪ੍ਰਭ ਕੇ ਤਾ ਕੈ ਹਰਿ ਹਰਿ ਗਾਈਐ ॥ ਨਾਨਕ ਈਹਾ ਸੁਖੁ ਆਗੈ ਮੁਖ ਊਜਲ ਸੰਗਿ ਸੰਤਨ ਕੈ ਪਾਈਐ ॥੪॥੧॥

ਜੈਤਸਰੀ ਮਹਲਾ ੫ ਘਰੁ ੩ ਦੁਪਦੇ ੴ ਸਤਿਗੁਰ ਪ੍ਰਸਾਦਿ ॥
ਦੇਹੁ ਸੰਦੇਸਰੋ ਕਹੀਅਉ ਪ੍ਰਿਅ ਕਹੀਅਉ ॥ ਬਿਸਮੁ ਭਈ ਮੈ ਬਹੁ ਬਿਧਿ ਸੁਨਤੇ ਕਹਹੁ ਸੁਹਾਗਨਿ ਸਹੀਅਉ ॥੧॥ ਰਹਾਉ ॥ ਕੋ ਕਹਤੋ ਸਭ ਬਾਹਰਿ ਬਾਹਰਿ ਕੋ ਕਹਤੋ ਸਭ ਮਹੀਅਉ ॥ ਬਰਨੁ ਨ ਦੀਸੈ ਚਿਹਨੁ ਨ ਲਖੀਐ ਸੁਹਾਗਨਿ ਸਾਤਿ ਬੁਝਹੀਅਉ ॥੧॥ ਸਰਬ ਨਿਵਾਸੀ ਘਟਿ ਘਟਿ ਵਾਸੀ ਲੇਪੁ ਨਹੀ ਅਲਪਹੀਅਉ ॥ ਨਾਨਕੁ ਕਹਤ ਸੁਨਹੁ ਰੇ ਲੋਗਾ ਸੰਤ ਰਸਨ ਕੋ ਬਸਹੀਅਉ ॥੨॥੧॥੨॥ ਜੈਤਸਰੀ ਮਃ ੫ ॥ ਧੀਰਉ ਸੁਨਿ ਧੀਰਉ ਪ੍ਰਭ ਕਉ ॥੧॥ ਰਹਾਉ ॥ ਜੀਅ ਪ੍ਰਾਨ ਮਨੁ ਤਨੁ ਸਭੁ ਅਰਪਉ ਨੀਰਉ ਪੇਖਿ ਪ੍ਰਭ ਕਉ ਨੀਰਉ ॥੧॥ ਬੇਸੁਮਾਰ ਬੇਅੰਤੁ ਬਡ ਦਾਤਾ ਮਨਹਿ ਗਹੀਰਉ ਪੇਖਿ ਪ੍ਰਭ ਕਉ ॥੨॥ ਜੋ ਚਾਹਉ ਸੋਈ ਸੋਈ ਪਾਵਉ ਆਸਾ ਮਨਸਾ ਪੂਰਉ ਜਪਿ ਪ੍ਰਭ ਕਉ ॥੩॥ ਗੁਰ ਪ੍ਰਸਾਦਿ ਨਾਨਕ ਮਨਿ ਵਸਿਆ ਦੂਖਿ ਨ ਕਬਹੂ ਝੂਰਉ ਬੁਝਿ ਪ੍ਰਭ ਕਉ ॥੪॥੨॥੩॥ ਜੈਤਸਰੀ ਮਹਲਾ ੫ ॥ ਲੋੜੀਦੜਾ ਸਾਜਨੁ ਮੇਰਾ ॥ ਘਰਿ ਘਰਿ ਮੰਗਲ ਗਾਵਹੁ ਨੀਕੇ ਘਟਿ ਘਟਿ ਤਿਸਹਿ ਬਸੇਰਾ ॥੧॥ ਰਹਾਉ ॥ ਸੂਖਿ ਅਰਾਧਨੁ ਦੂਖਿ ਅਰਾਧਨੁ ਬਿਸਰੈ ਨ ਕਾਹੂ ਬੇਰਾ ॥ ਨਾਮੁ ਜਪਤ ਕੋਟਿ ਸੂਰ ਉਜਾਰਾ ਬਿਨਸੈ ਭਰਮੁ ਅੰਧੇਰਾ ॥੧॥ ਥਾਨਿ ਥਨੰਤਰਿ ਸਭਨੀ ਜਾਈ ਜੋ ਦੀਸੈ ਸੋ ਤੇਰਾ ॥ ਸੰਤਸੰਗਿ ਪਾਵੈ ਜੋ ਨਾਨਕ ਤਿਸੁ ਬਹੁਰਿ ਨ ਹੋਈ ਹੈ ਫੇਰਾ ॥੨॥੩॥੪॥

ਜੈਤਸਰੀ ਮਹਲਾ ੫ ਘਰੁ ੪ ਦੁਪਦੇ ੴ ਸਤਿਗੁਰ ਪ੍ਰਸਾਦਿ ॥

ਅਬ ਮੈ ਸੁਖੁ ਪਾਇਓ ਗੁਰ ਆਗਿ੍ਆ ॥ ਤਜੀ ਸਿਆਨਪ ਚਿੰਤ ਵਿਸਾਰੀ ਅਹੰ ਛੋਡਿਓ ਹੈ ਤਿਆਗਿ੍ਆ ॥੧॥ ਰਹਾਉ ॥
ਜਉ ਦੇਖਉ ਤਉ ਸਗਲ ਮੋਹਿ ਮੋਹੀਅਉ ਤਉ ਸਰਨਿ ਪਰਿਓ ਗੁਰ ਭਾਗਿ ॥ ਕਰਿ ਕਿਰਪਾ ਟਹਲ ਹਰਿ ਲਾਇਓ
ਤਉ ਜਮਿ ਛੋਡੀ ਮੋਰੀ ਲਾਗਿ ॥੧॥ ਤਰਿਓ ਸਾਗਰੁ ਪਾਵਕ ਕੋ ਜਉ ਸੰਤ ਭੇਟੇ ਵਡ ਭਾਗਿ ॥ ਜਨ ਨਾਨਕ ਸਰਬ
ਸੁਖ ਪਾਏ ਮੋਰੋ ਹਰਿ ਚਰਨੀ ਚਿਤੁ ਲਾਗਿ ॥੨॥੧॥੫॥ ਜੈਤਸਰੀ ਮਹਲਾ ੫ ॥ ਮਨ ਮਹਿ ਸਤਿਗੁਰ ਧਿਆਨੁ
ਧਰਾ ॥ ਦ੍ਰਿੜਿਓ ਗਿਆਨੁ ਮੰਤ੍ਰੁ ਹਰਿ ਨਾਮਾ ਪ੍ਰਭ ਜੀਉ ਮਇਆ ਕਰਾ ॥੧॥ ਰਹਾਉ ॥ ਕਾਲ ਜਾਲ ਅਰੁ ਮਹਾ
ਜੰਜਾਲਾ ਛੁਟਕੇ ਜਮਹਿ ਡਰਾ ॥ ਆਇਓ ਦੁਖ ਹਰਣ ਸਰਣ ਕਰੁਣਾਪਤਿ ਗਹਿਓ ਚਰਣ ਆਸਰਾ ॥੧॥ ਨਾਵ
ਰੂਪ ਭਇਓ ਸਾਧਸੰਗੁ ਭਵ ਨਿਧਿ ਪਾਰਿ ਪਰਾ ॥ ਅਪਿਉ ਪੀਓ ਗਤੁ ਥੀਓ ਭਰਮਾ ਕਹੁ ਨਾਨਕ ਅਜਰੁ ਜਰਾ
॥੨॥੨॥੬॥ ਜੈਤਸਰੀ ਮਹਲਾ ੫ ॥ ਜਾ ਕਉ ਭਏ ਗੋਵਿੰਦ ਸਹਾਈ ॥ ਸੂਖ ਸਹਜ ਆਨੰਦ ਸਗਲ ਸਿਉ ਵਾ ਕਉ
ਬਿਆਧਿ ਨ ਕਾਈ ॥੧॥ ਰਹਾਉ ॥ ਦੀਸਹਿ ਸਭ ਸੰਗਿ ਰਹਹਿ ਅਲੇਪਾ ਨਹ ਵਿਆਪੈ ਉਨ ਮਾਈ ॥ ਏਕੈ ਰੰਗਿ
ਤਤ ਕੇ ਬੇਤੇ ਸਤਿਗੁਰ ਤੇ ਬੁਧਿ ਪਾਈ ॥੧॥ ਦਇਆ ਮਇਆ ਕਿਰਪਾ ਠਾਕੁਰ ਕੀ ਸੇਈ ਸੰਤ ਸੁਭਾਈ ॥ ਤਿਨ
ਕੈ ਸੰਗਿ ਨਾਨਕ ਨਿਸਤਰੀਐ ਜਿਨ ਰਸਿ ਰਸਿ ਹਰਿ ਗੁਨ ਗਾਈ ॥੨॥੩॥੭॥ ਜੈਤਸਰੀ ਮਹਲਾ ੫ ॥
ਗੋਬਿੰਦ ਜੀਵਨ ਪ੍ਰਾਨ ਧਨ ਰੂਪ ॥ ਅਗਿਆਨ ਮੋਹ ਮਗਨ ਮਹਾ ਪ੍ਰਾਨੀ ਅੰਧਿਆਰੇ ਮਹਿ ਦੀਪ ॥੧॥ ਰਹਾਉ ॥
ਸਫਲ ਦਰਸਨੁ ਤੁਮਰਾ ਪ੍ਰਭ ਪ੍ਰੀਤਮ ਚਰਨ ਕਮਲ ਆਨੂਪ ॥ ਅਨਿਕ ਬਾਰ ਕਰਉ ਤਿਹ ਬੰਦਨ ਮਨਹਿ ਚਰ੍ਹਾਵਉ
ਧੂਪ ॥੧॥ ਹਾਰਿ ਪਰਿਓ ਤੁਮ੍ਹਰੈ ਪ੍ਰਭ ਦੁਆਰੈ ਦ੍ਰਿੜ੍ਹ ਕਰਿ ਗਹੀ ਤੁਮ੍ਹਾਰੀ ਲੂਕ ॥ ਕਾਢਿ ਲੇਹੁ ਨਾਨਕ ਅਪੁਨੇ
ਕਉ ਸੰਸਾਰ ਪਾਵਕ ਕੇ ਕੂਪ ॥੨॥੪॥੮॥ ਜੈਤਸਰੀ ਮਹਲਾ ੫ ॥ ਕੋਈ ਜਨੁ ਹਰਿ ਸਿਉ ਦੇਵੈ ਜੋਰਿ ॥ ਚਰਨ
ਗਹਉ ਬਕਉ ਸੁਭ ਰਸਨਾ ਦੀਜਹਿ ਪ੍ਰਾਨ ਅਕੋਰਿ ॥੧॥ ਰਹਾਉ ॥ ਮਨੁ ਤਨੁ ਨਿਰਮਲ ਕਰਤ ਕਿਆਰੋ ਹਰਿ
ਸਿੰਚੈ ਸੁਧਾ ਸੰਜੋਰਿ ॥ ਇਆ ਰਸ ਮਹਿ ਮਗਨੁ ਹੋਤ ਕਿਰਪਾ ਤੇ ਮਹਾ ਬਿਖਿਆ ਤੇ ਤੋਰਿ ॥੧॥ ਆਇਓ ਸਰਣਿ

ਦੀਨ ਦੁਖ ਭੰਜਨ ਚਿਤਵਉ ਤੁਮ੍ਰੀ ਓਰਿ ॥ ਅਭੈ ਪਦੁ ਦਾਨੁ ਸਿਮਰਨੁ ਸੁਆਮੀ ਕੋ ਪ੍ਰਭ ਨਾਨਕ ਬੰਧਨ ਛੋਰਿ ॥੨॥੫॥੯॥ ਜੈਤਸਰੀ ਮਹਲਾ ੫ ॥ ਚਾਤ੍ਰਿਕ ਚਿਤਵਤ ਬਰਸਤ ਮੇਂਹ ॥ ਕ੍ਰਿਪਾ ਸਿੰਧੁ ਕਰੁਣਾ ਪ੍ਰਭ ਧਾਰਹੁ ਹਰਿ ਪ੍ਰੇਮ ਭਗਤਿ ਕੋ ਨੇਂਹ ॥੧॥ ਰਹਾਉ ॥ ਅਨਿਕ ਸੂਖ ਚਕਵੀ ਨਹੀ ਚਾਹਤ ਅਨਦ ਪੂਰਨ ਪੇਖਿ ਦੇਂਹ ॥ ਆਨ ਉਪਾਵ ਨ ਜੀਵਤ ਮੀਨਾ ਬਿਨੁ ਜਲ ਮਰਨਾ ਤੇਂਹ ॥੧॥ ਹਮ ਅਨਾਥ ਨਾਥ ਹਰਿ ਸਰਣੀ ਅਪੁਨੀ ਕ੍ਰਿਪਾ ਕਰੇਂਹ ॥ ਚਰਣ ਕਮਲ ਨਾਨਕੁ ਆਰਾਧੈ ਤਿਸੁ ਬਿਨੁ ਆਨ ਨ ਕੇਂਹ ॥੨॥੬॥੧੦॥ ਜੈਤਸਰੀ ਮਹਲਾ ੫ ॥ ਮਨਿ ਤਨਿ ਬਸਿ ਰਹੇ ਮੇਰੇ ਪ੍ਰਾਨ ॥ ਕਰਿ ਕਿਰਪਾ ਸਾਧੂ ਸੰਗਿ ਭੇਟੇ ਪੂਰਨ ਪੁਰਖ ਸੁਜਾਨ ॥੧॥ ਰਹਾਉ ॥ ਪ੍ਰੇਮ ਠਗਉਰੀ ਜਿਨ ਕਉ ਪਾਈ ਤਿਨ ਰਸੁ ਪੀਅਉ ਭਾਰੀ ॥ ਤਾ ਕੀ ਕੀਮਤਿ ਕਹਣੁ ਨ ਜਾਈ ਕੁਦਰਤਿ ਕਵਨ ਹਮ੍ਹਾਰੀ ॥੧॥ ਲਾਇ ਲਏ ਲੜਿ ਦਾਸ ਜਨ ਅਪੁਨੇ ਉਧਰੇ ਉਧਰਨਹਾਰੇ ॥ ਪ੍ਰਭੁ ਸਿਮਰਿ ਸਿਮਰਿ ਸਿਮਰਿ ਸੁਖੁ ਪਾਇਓ ਨਾਨਕ ਸਰਣਿ ਦੁਆਰੇ ॥੨॥੭॥੧੧॥ ਜੈਤਸਰੀ ਮਹਲਾ ੫ ॥ ਆਏ ਅਨਿਕ ਜਨਮ ਭ੍ਰਮਿ ਸਰਣੀ ॥ ਉਧਰੁ ਦੇਹ ਅੰਧ ਕੂਪ ਤੇ ਲਾਵਹੁ ਅਪੁਨੀ ਚਰਣੀ ॥੧॥ ਰਹਾਉ ॥ ਗਿਆਨੁ ਧਿਆਨੁ ਕਿਛੁ ਕਰਮੁ ਨ ਜਾਨਾ ਨਾਹਿਨ ਨਿਰਮਲ ਕਰਣੀ ॥ ਸਾਧਸੰਗਤਿ ਕੈ ਅੰਚਲਿ ਲਾਵਹੁ ਬਿਖਮ ਨਦੀ ਜਾਇ ਤਰਣੀ ॥੧॥ ਸੁਖ ਸੰਪਤਿ ਮਾਇਆ ਰਸ ਮੀਠੇ ਇਹ ਨਹੀ ਮਨ ਮਹਿ ਧਰਣੀ ॥ ਹਰਿ ਦਰਸਨ ਤ੍ਰਿਪਤਿ ਨਾਨਕ ਦਾਸ ਪਾਵਤ ਹਰਿ ਨਾਮ ਰੰਗ ਆਭਰਣੀ ॥੨॥੮॥੧੨॥ ਜੈਤਸਰੀ ਮਹਲਾ ੫ ॥ ਹਰਿ ਜਨ ਸਿਮਰਹੁ ਹਿਰਦੈ ਰਾਮ ॥ ਹਰਿ ਜਨ ਕਉ ਅਪਦਾ ਨਿਕਟਿ ਨ ਆਵੈ ਪੂਰਨ ਦਾਸ ਕੇ ਕਾਮ ॥੧॥ ਰਹਾਉ ॥ ਕੋਟਿ ਬਿਘਨ ਬਿਨਸਹਿ ਹਰਿ ਸੇਵਾ ਨਿਹਚਲੁ ਗੋਵਿਦ ਧਾਮ ॥ ਭਗਵੰਤ ਭਗਤ ਕਉ ਭਉ ਕਿਛੁ ਨਾਹੀ ਆਦਰੁ ਦੇਵਤ ਜਾਮ ॥੧॥ ਤਜਿ ਗੋਪਾਲ ਆਨ ਜੋ ਕਰਣੀ ਸੋਈ ਸੋਈ ਬਿਨਸਤ ਖਾਮ ॥ ਚਰਨ ਕਮਲ ਹਿਰਦੈ ਗਹੁ ਨਾਨਕ ਸੁਖ ਸਮੂਹ ਬਿਸਰਾਮ ॥੨॥੯॥੧੩॥

ਜੈਤਸਰੀ ਮਹਲਾ ੯ ੴ ਸਤਿਗੁਰ ਪ੍ਰਸਾਦਿ ॥

ਭੂਲਿਓ ਮਨੁ ਮਾਇਆ ਉਰਝਾਇਓ ॥ ਜੋ ਜੋ ਕਰਮ ਕੀਓ ਲਾਲਚ ਲਗਿ ਤਿਹ ਤਿਹ ਆਪੁ ਬੰਧਾਇਓ ॥੧॥ ਰਹਾਉ ॥ ਸਮਝ ਨ ਪਰੀ ਬਿਖੈ ਰਸ ਰਚਿਓ ਜਸੁ ਹਰਿ ਕੋ ਬਿਸਰਾਇਓ ॥ ਸੰਗਿ ਸੁਆਮੀ ਸੋ ਜਾਨਿਓ ਨਾਹਿਨ ਬਨੁ ਖੋਜਨ

ਕਉ ਧਾਇਓ ॥੧॥ ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ ॥ ਜਨ ਨਾਨਕ ਭਗਵੰਤ ਭਜਨ
ਬਿਨੁ ਬਿਰਥਾ ਜਨਮੁ ਗਵਾਇਓ ॥੨॥੧॥ ਜੈਤਸਰੀ ਮਹਲਾ ੯ ॥ ਹਰਿ ਜੂ ਰਾਖਿ ਲੇਹੁ ਪਤਿ ਮੇਰੀ ॥ ਜਮ ਕੋ ਤ੍ਰਾਸ
ਭਇਓ ਉਰ ਅੰਤਰਿ ਸਰਨਿ ਗਹੀ ਕਿਰਪਾ ਨਿਧਿ ਤੇਰੀ ॥੧॥ ਰਹਾਉ ॥ ਮਹਾ ਪਤਿਤ ਮੁਗਧ ਲੋਭੀ ਫੁਨਿ ਕਰਤ
ਪਾਪ ਅਬ ਹਾਰਾ ॥ ਭੈ ਮਰਬੇ ਕੋ ਬਿਸਰਤ ਨਾਹਿਨ ਤਿਹ ਚਿੰਤਾ ਤਨੁ ਜਾਰਾ ॥੧॥ ਕੀਏ ਉਪਾਵ ਮੁਕਤਿ ਕੇ ਕਾਰਨਿ
ਦਹ ਦਿਸਿ ਕਉ ਉਠਿ ਧਾਇਆ ॥ ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ ॥੨॥ ਨਾਹਿਨ ਗੁਨੁ
ਨਾਹਿਨ ਕਛੁ ਜਪੁ ਤਪੁ ਕਉਨੁ ਕਰਮੁ ਅਬ ਕੀਜੈ ॥ ਨਾਨਕ ਹਾਰਿ ਪਰਿਓ ਸਰਨਾਗਤਿ ਅਭੈ ਦਾਨੁ ਪ੍ਰਭ ਦੀਜੈ
॥੩॥੨॥ ਜੈਤਸਰੀ ਮਹਲਾ ੯ ॥ ਮਨ ਰੇ ਸਾਚਾ ਗਹੋ ਬਿਚਾਰਾ ॥ ਰਾਮ ਨਾਮ ਬਿਨੁ ਮਿਥਿਆ ਮਾਨੋ ਸਗਰੋ ਇਹੁ
ਸੰਸਾਰਾ ॥੧॥ ਰਹਾਉ ॥ ਜਾ ਕਉ ਜੋਗੀ ਖੋਜਤ ਹਾਰੇ ਪਾਇਓ ਨਾਹਿ ਤਿਹ ਪਾਰਾ ॥ ਸੋ ਸੁਆਮੀ ਤੁਮ ਨਿਕਟਿ ਪਛਾਨੋ
ਰੂਪ ਰੇਖ ਤੇ ਨਿਆਰਾ ॥੧॥ ਪਾਵਨ ਨਾਮੁ ਜਗਤ ਮੈ ਹਰਿ ਕੋ ਕਬਹੂ ਨਾਹਿ ਸੰਭਾਰਾ ॥ ਨਾਨਕ ਸਰਨਿ ਪਰਿਓ
ਜਗ ਬੰਦਨ ਰਾਖਹੁ ਬਿਰਦੁ ਤੁਹਾਰਾ ॥੨॥੩॥

### ਜੈਤਸਰੀ ਮਹਲਾ ੫ ਛੰਤ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਸਲੋਕ ॥ ਦਰਸਨ ਪਿਆਸੀ ਦਿਨਸੁ ਰਾਤਿ ਚਿਤਵਉ ਅਨਦਿਨੁ ਨੀਤ ॥ ਖੋਲ੍ਹਿ ਕਪਟ ਗੁਰਿ ਮੇਲੀਆ ਨਾਨਕ ਹਰਿ
ਸੰਗਿ ਮੀਤ ॥੧॥ ਛੰਤ ॥ ਸੁਣਿ ਯਾਰ ਹਮਾਰੇ ਸਜਣ ਇਕ ਕਰਉ ਬੇਨੰਤੀਆ ॥ ਤਿਸੁ ਮੋਹਨ ਲਾਲ ਪਿਆਰੇ ਹਉ
ਫਿਰਉ ਖੋਜੰਤੀਆ ॥ ਤਿਸੁ ਦਸਿ ਪਿਆਰੇ ਸਿਰੁ ਧਰੀ ਉਤਾਰੇ ਇਕ ਭੋਰੀ ਦਰਸਨੁ ਦੀਜੈ ॥ ਨੈਨ ਹਮਾਰੇ ਪ੍ਰਿਅ ਰੰਗ
ਰੰਗਾਰੇ ਇਕੁ ਤਿਲੁ ਭੀ ਨਾ ਧੀਰੀਜੈ ॥ ਪ੍ਰਭ ਸਿਉ ਮਨੁ ਲੀਨਾ ਜਿਉ ਜਲ ਮੀਨਾ ਚਾਤ੍ਰਿਕ ਜਿਵੈ ਤਿਸੰਤੀਆ ॥ ਜਨ
ਨਾਨਕ ਗੁਰੁ ਪੂਰਾ ਪਾਇਆ ਸਗਲੀ ਤਿਖਾ ਬੁਝੰਤੀਆ ॥੧॥ ਯਾਰ ਵੇ ਪ੍ਰਿਅ ਹਭੇ ਸਖੀਆ ਮੂ ਕਹੀ ਨ ਜੇਹੀਆ ॥
ਯਾਰ ਵੇ ਹਿਕ ਡੂੰ ਹਿਕਿ ਚਾੜੈ ਹਉ ਕਿਸੁ ਚਿਤੇਹੀਆ ॥ ਹਿਕ ਦੂੰ ਹਿਕਿ ਚਾੜੇ ਅਨਿਕ ਪਿਆਰੇ ਨਿਤ ਕਰਦੇ ਭੋਗ
ਬਿਲਾਸਾ ॥ ਤਿਨਾ ਦੇਖਿ ਮਨਿ ਚਾਉ ਉਠੰਦਾ ਹਉ ਕਦਿ ਪਾਈ ਗੁਣਤਾਸਾ ॥ ਜਿਨੀ ਮੈਡਾ ਲਾਲੁ ਰੀਝਾਇਆ ਹਉ
ਤਿਸੁ ਆਗੈ ਮਨੁ ਡੇਂਹੀਆ ॥ ਨਾਨਕੁ ਕਹੈ ਸੁਣਿ ਬਿਨਉ ਸੁਹਾਗਣਿ ਮੂ ਦਸਿ ਡਿਖਾ ਪਿਰੁ ਕੇਹੀਆ ॥੨॥ ਯਾਰ ਵੇ

ਪਿਰੁ ਆਪਨ ਭਾਣਾ ਕਿਛੁ ਨੀਸੀ ਛੰਦਾ ॥ ਯਾਰ ਵੇ ਤੈ ਰਾਵਿਆ ਲਾਲਨੁ ਮੂ ਦਸਿ ਦਸੰਦਾ ॥ ਲਾਲਨੁ ਤੈ ਪਾਇਆ ਆਪੁ ਗਵਾਇਆ ਜੈ ਧਨ ਭਾਗ ਮਥਾਣੇ ॥ ਬਾਂਹ ਪਕੜਿ ਠਾਕੁਰਿ ਹਉ ਘਿਧੀ ਗੁਣ ਅਵਗਣ ਨ ਪਛਾਣੇ ॥ ਗੁਣ ਹਾਰੁ ਤੈ ਪਾਇਆ ਰੰਗੁ ਲਾਲੁ ਬਣਾਇਆ ਤਿਸੁ ਹਭੋ ਕਿਛੁ ਸੁਹੰਦਾ ॥ ਜਨ ਨਾਨਕ ਧੰਨਿ ਸੁਹਾਗਣਿ ਸਾਈ ਜਿਸੁ ਸੰਗਿ ਭਤਾਰੁ ਵਸੰਦਾ ॥੩॥ ਯਾਰ ਵੇ ਨਿਤ ਸੁਖ ਸੁਖੇਦੀ ਸਾ ਮੈ ਪਾਈ ॥ ਵਰੁ ਲੋੜੀਦਾ ਆਇਆ ਵਜੀ ਵਾਧਾਈ ॥ ਮਹਾ ਮੰਗਲੁ ਰਹਸੁ ਥੀਆ ਪਿਰੁ ਦਇਆਲੁ ਸਦ ਨਵ ਰੰਗੀਆ ॥ ਵਡ ਭਾਗਿ ਪਾਇਆ ਗੁਰਿ ਮਿਲਾਇਆ ਸਾਧ ਕੈ ਸਤਸੰਗੀਆ ॥ ਆਸਾ ਮਨਸਾ ਸਗਲ ਪੂਰੀ ਪ੍ਰਿਅ ਅੰਕਿ ਅੰਕੁ ਮਿਲਾਈ ॥ ਬਿਨਵੰਤਿ ਨਾਨਕੁ ਸੁਖ ਸੁਖੇਦੀ ਸਾ ਮੈ ਗੁਰ ਮਿਲਿ ਪਾਈ ॥੪॥੧॥

ਜੈਤਸਰੀ ਮਹਲਾ ੫ ਘਰੁ ੨ ਛੰਤ

ੴ ਸਤਿਗੁਰ ਪ੍ਰਸਾਦਿ ॥ ਸਲੋਕੁ ॥ ਊਚਾ ਅਗਮ ਅਪਾਰ ਪ੍ਰਭੁ ਕਥਨੁ ਨ ਜਾਇ ਅਕਥੁ ॥ ਨਾਨਕ ਪ੍ਰਭ ਸਰਣਾਗਤੀ ਰਾਖਨ ਕਉ ਸਮਰਥੁ ॥੧॥ ਛੰਤੁ ॥ ਜਿਉ ਜਾਨਹੁ ਤਿਉ ਰਾਖੁ ਹਰਿ ਪ੍ਰਭ ਤੇਰਿਆ ॥ ਕੇਤੇ ਗਨਉ ਅਸੰਖ ਅਵਗਣ ਮੇਰਿਆ ॥ ਅਸੰਖ ਅਵਗਣ ਖਤੇ ਫੇਰੇ ਨਿਤਪ੍ਰਤਿ ਸਦ ਭੂਲੀਐ ॥ ਮੋਹ ਮਗਨ ਬਿਕਰਾਲ ਮਾਇਆ ਤਉ ਪ੍ਰਸਾਦੀ ਘੂਲੀਐ ॥ ਲੂਕ ਕਰਤ ਬਿਕਾਰ ਬਿਖੜੇ ਪ੍ਰਭ ਨੇਰ ਹੂ ਤੇ ਨੇਰਿਆ ॥ ਬਿਨਵੰਤਿ ਨਾਨਕ ਦਇਆ ਧਾਰਹੁ ਕਾਢਿ ਭਵਜਲ ਫੇਰਿਆ ॥੧॥ ਸਲੋਕੁ ॥ ਨਿਰਤਿ ਨ ਪਵੈ ਅਸੰਖ ਗੁਣ ਊਚਾ ਪ੍ਰਭ ਕਾ ਨਾਉ ॥ ਨਾਨਕ ਕੀ ਬੇਨੰਤੀਆ ਮਿਲੈ ਨਿਥਾਵੇ ਥਾਉ ॥੨॥ ਛੰਤੁ ॥ ਦੂਸਰ ਨਾਹੀ ਠਾਉ ਕਾ ਪਹਿ ਜਾਈਐ ॥ ਆਠ ਪਹਰ ਕਰ ਜੋੜਿ ਸੋ ਪ੍ਰਭੁ ਧਿਆਈਐ ॥ ਧਿਆਇ ਸੋ ਪ੍ਰਭੁ ਸਦਾ ਅਪੁਨਾ ਮਨਹਿ ਚਿੰਦਿਆ ਪਾਈਐ ॥ ਤਜਿ ਮਾਨ ਮੋਹੁ ਵਿਕਾਰੁ ਦੂਜਾ ਏਕ ਸਿਉ ਲਿਵ ਲਾਈਐ ॥ ਅਰਪਿ ਮਨੁ ਤਨੁ ਪ੍ਰਭੂ ਆਗੈ ਆਪੁ ਸਗਲ ਮਿਟਾਈਐ ॥ ਬਿਨਵੰਤਿ ਨਾਨਕੁ ਧਾਰਿ ਕਿਰਪਾ ਸਾਚਿ ਨਾਮਿ ਸਮਾਈਐ ॥੨॥ ਸਲੋਕੁ ॥ ਰੇ ਮਨ ਤਾ ਕਉ ਧਿਆਈਐ ਸਭ ਬਿਧਿ ਜਾ ਕੈ ਹਾਥਿ ॥ ਰਾਮ ਨਾਮ ਧਨੁ ਸੰਚੀਐ ਨਾਨਕ ਨਿਬਹੈ ਸਾਥਿ ॥੩॥ ਛੰਤੁ ॥ ਸਾਥੀਅੜਾ ਪ੍ਰਭੁ ਏਕੁ ਦੂਸਰ ਨਾਹਿ ਕੋਇ ॥ ਥਾਨ ਥਨੰਤਰਿ ਆਪਿ ਜਲਿ ਥਲਿ ਪੂਰ ਸੋਇ ॥ ਜਲਿ ਥਲਿ ਮਹੀਅਲਿ ਪੂਰਿ ਰਹਿਆ ਸਰਬ ਦਾਤਾ ਪ੍ਰਭੁ ਧਨੀ ॥ ਗੋਪਾਲ ਗੋਬਿੰਦ ਅੰਤੁ ਨਾਹੀ ਬੇਅੰਤ ਗੁਣ ਤਾ ਕੇ ਕਿਆ ਗਨੀ ॥ ਭਜੁ ਸਰਣਿ ਸੁਆਮੀ ਸੁਖਹ ਗਾਮੀ ਤਿਸੁ ਬਿਨਾ ਅਨ ਨਾਹਿ ਕੋਇ ॥ ਬਿਨਵੰਤਿ

ਨਾਨਕ ਦਇਆ ਧਾਰਹੁ ਤਿਸੁ ਪਰਾਪਤਿ ਨਾਮੁ ਹੋਇ ॥੩॥ ਸਲੋਕੁ ॥ ਚਿਤਿ ਜਿ ਚਿਤਵਿਆ ਸੋ ਮੈ ਪਾਇਆ ॥ ਨਾਨਕ ਨਾਮੁ ਧਿਆਇ ਸੁਖ ਸਬਾਇਆ ॥੪॥ ਛੰਤੁ ॥ ਅਬ ਮਨੁ ਛੂਟਿ ਗਇਆ ਸਾਧੂ ਸੰਗਿ ਮਿਲੇ ॥ ਗੁਰਮੁਖਿ ਨਾਮੁ ਲਇਆ ਜੋਤੀ ਜੋਤਿ ਰਲੇ ॥ ਹਰਿ ਨਾਮੁ ਸਿਮਰਤ ਮਿਟੇ ਕਿਲਬਿਖ ਬੁਝੀ ਤਪਤਿ ਅਘਾਨਿਆ ॥ ਗਹਿ ਭੁਜਾ ਲੀਨੇ ਦਇਆ ਕੀਨੇ ਆਪਨੇ ਕਰਿ ਮਾਨਿਆ ॥ ਲੈ ਅੰਕਿ ਲਾਏ ਹਰਿ ਮਿਲਾਏ ਜਨਮ ਮਰਣਾ ਦੁਖ ਜਲੇ ॥ ਬਿਨਵੰਤਿ ਨਾਨਕ ਦਇਆ ਧਾਰੀ ਮੇਲਿ ਲੀਨੇ ਇਕ ਪਲੇ ॥੪॥੨॥ ਜੈਤਸਰੀ ਛੰਤ ਮਃ ੫ ॥ ਪਾਧਾਣੂ ਸੰਸਾਰੁ ਗਾਰਬਿ ਅਟਿਆ ॥ ਕਰਤੇ ਪਾਪ ਅਨੇਕ ਮਾਇਆ ਰੰਗ ਰਟਿਆ ॥ ਲੋਭਿ ਮੋਹਿ ਅਭਿਮਾਨਿ ਬੂਡੇ ਮਰਣੁ ਚੀਤਿ ਨ ਆਵਏ ॥ ਪੁਤ੍ਰ ਮਿਤ੍ਰ ਬਿਉਹਾਰ ਬਨਿਤਾ ਏਹ ਕਰਤ ਬਿਹਾਵਏ ॥ ਪੁਜਿ ਦਿਵਸ ਆਏ ਲਿਖੇ ਮਾਏ ਦੁਖੁ ਧਰਮ ਦੂਤਹ ਡਿਠਿਆ ॥ ਕਿਰਤ ਕਰਮ ਨ ਮਿਟੈ ਨਾਨਕ ਹਰਿ ਨਾਮ ਧਨੁ ਨਹੀ ਖਟਿਆ ॥੧॥ ਉਦਮ ਕਰਹਿ ਅਨੇਕ ਹਰਿ ਨਾਮੁ ਨ ਗਾਵਹੀ ॥ ਭਰਮਹਿ ਜੋਨਿ ਅਸੰਖ ਮਰਿ ਜਨਮਹਿ ਆਵਹੀ ॥ ਪਸੂ ਪੰਖੀ ਸੈਲ ਤਰਵਰ ਗਣਤ ਕਛੂ ਨ ਆਵਏ ॥ ਬੀਜੁ ਬੋਵਸਿ ਭੋਗ ਭੋਗਹਿ ਕੀਆ ਅਪਣਾ ਪਾਵਏ ॥ ਰਤਨ ਜਨਮੁ ਹਾਰੰਤ ਜੂਐ ਪ੍ਰਭੂ ਆਪਿ ਨ ਭਾਵਹੀ ॥ ਬਿਨਵੰਤਿ ਨਾਨਕ ਭਰਮਹਿ ਭ੍ਰਮਾਏ ਖਿਨੁ ਏਕੁ ਟਿਕਣੁ ਨ ਪਾਵਹੀ ॥੨॥ ਜੋਬਨੁ ਗਇਆ ਬਿਤੀਤਿ ਜਰੁ ਮਲਿ ਬੈਠੀਆ ॥ ਕਰ ਕੰਪਹਿ ਸਿਰੁ ਡੋਲ ਨੈਣ ਨ ਡੀਠਿਆ ॥ ਨਹ ਨੈਣ ਦੀਸੈ ਬਿਨੁ ਭਜਨ ਈਸੈ ਛੋਡਿ ਮਾਇਆ ਚਾਲਿਆ ॥ ਕਹਿਆ ਨ ਮਾਨਹਿ ਸਿਰਿ ਖਾਕੁ ਛਾਨਹਿ ਜਿਨ ਸੰਗਿ ਮਨੁ ਤਨੁ ਜਾਲਿਆ ॥ ਸ੍ਰੀਰਾਮ ਰੰਗ ਅਪਾਰ ਪੂਰਨ ਨਹ ਨਿਮਖ ਮਨ ਮਹਿ ਵੂਠਿਆ ॥ ਬਿਨਵੰਤਿ ਨਾਨਕ ਕੋਟਿ ਕਾਗਰ ਬਿਨਸ ਬਾਰ ਨ ਝੂਠਿਆ ॥੩॥ ਚਰਨ ਕਮਲ ਸਰਣਾਇ ਨਾਨਕੁ ਆਇਆ ॥ ਦੁਤਰੁ ਭੈ ਸੰਸਾਰੁ ਪ੍ਰਭਿ ਆਪਿ ਤਰਾਇਆ ॥ ਮਿਲਿ ਸਾਧਸੰਗੇ ਭਜੇ ਸ੍ਰੀਧਰ ਕਰਿ ਅੰਗੁ ਪ੍ਰਭ ਜੀ ਤਾਰਿਆ ॥ ਹਰਿ ਮਾਨਿ ਲੀਏ ਨਾਮ ਦੀਏ ਅਵਰੁ ਕਛੁ ਨ ਬੀਚਾਰਿਆ ॥ ਗੁਣ ਨਿਧਾਨ ਅਪਾਰ ਠਾਕੁਰ ਮਨਿ ਲੋੜੀਦਾ ਪਾਇਆ ॥ ਬਿਨਵੰਤਿ ਨਾਨਕੁ ਸਦਾ ਤ੍ਰਿਪਤੇ ਹਰਿ ਨਾਮੁ ਭੋਜਨੁ ਖਾਇਆ ॥੪॥੨॥੩॥

## ਜੈਤਸਰੀ ਮਹਲਾ ੫ ਵਾਰ ਸਲੋਕਾ ਨਾਲਿ ੴ ਸਤਿਗੁਰ ਪ੍ਰਸਾਦਿ ॥

ਸਲੋਕ ॥ ਆਦਿ ਪੂਰਨ ਮਧਿ ਪੂਰਨ ਅੰਤਿ ਪੂਰਨ ਪਰਮੇਸੁਰਹ ॥ ਸਿਮਰੰਤਿ ਸੰਤ ਸਰਬਤ੍ਰ ਰਮਣੰ ਨਾਨਕ ਅਘਨਾਸਨ

ਜਗਦੀਸੁਰਹ ॥੧॥ ਪੇਖਨ ਸੁਨਨ ਸੁਨਾਵਨੋ ਮਨ ਮਹਿ ਦ੍ਰਿੜੀਐ ਸਾਚੁ ॥ ਪੂਰਿ ਰਹਿਓ ਸਰਬਤ੍ਰ ਮੈ ਨਾਨਕ ਹਰਿ ਰੰਗਿ ਰਾਚੁ ॥੨॥ ਪਉੜੀ ॥ ਹਰਿ ਏਕੁ ਨਿਰੰਜਨੁ ਗਾਈਐ ਸਭ ਅੰਤਰਿ ਸੋਈ ॥ ਕਰਣ ਕਾਰਣ ਸਮਰਥ ਪ੍ਰਭੁ ਜੋ ਕਰੇ ਸੁ ਹੋਈ ॥ ਖਿਨ ਮਹਿ ਥਾਪਿ ਉਥਾਪਦਾ ਤਿਸੁ ਬਿਨੁ ਨਹੀ ਕੋਈ ॥ ਖੰਡ ਬ੍ਰਹਮੰਡ ਪਾਤਾਲ ਦੀਪ ਰਵਿਆ ਸਭ ਲੋਈ ॥ ਜਿਸੁ ਆਪਿ ਬੁਝਾਏ ਸੋ ਬੁਝਸੀ ਨਿਰਮਲ ਜਨੁ ਸੋਈ ॥੧॥ ਸਲੋਕ ॥ ਰਚੰਤਿ ਜੀਅ ਰਚਨਾ ਮਾਤ ਗਰਭ ਅਸਥਾਪਨੰ ॥ ਸਾਸਿ ਸਾਸਿ ਸਿਮਰੰਤਿ ਨਾਨਕ ਮਹਾ ਅਗਨਿ ਨ ਬਿਨਾਸਨੰ ॥੧॥ ਮੁਖੁ ਤਲੈ ਪੈਰ ਉਪਰੇ ਵਸੰਦੋ ਕੁਹਥੜੈ ਥਾਇ ॥ ਨਾਨਕ ਸੋ ਧਣੀ ਕਿਉ ਵਿਸਾਰਿਓ ਉਧਰਹਿ ਜਿਸ ਦੈ ਨਾਇ ॥੨॥ ਪਉੜੀ ॥ ਰਕਤੁ ਬਿੰਦੁ ਕਰਿ ਨਿੰਮਿਆ ਅਗਨਿ ਉਦਰ ਮਝਾਰਿ ॥ ਉਰਧ ਮੁਖੁ ਕੁਚੀਲ ਬਿਕਲੁ ਨਰਕਿ ਘੋਰਿ ਗੁਬਾਰਿ ॥ ਹਰਿ ਸਿਮਰਤ ਤੂ ਨਾ ਜਲਹਿ ਮਨਿ ਤਨਿ ਉਰ ਧਾਰਿ ॥ ਬਿਖਮ ਥਾਨਹੁ ਜਿਨਿ ਰਖਿਆ ਤਿਸੁ ਤਿਲੁ ਨ ਵਿਸਾਰਿ ॥ ਪ੍ਰਭ ਬਿਸਰਤ ਸੁਖੁ ਕਦੇ ਨਾਹਿ ਜਾਸਹਿ ਜਨਮੁ ਹਾਰਿ ॥੨॥ ਸਲੋਕ ॥ ਮਨ ਇਛਾ ਦਾਨ ਕਰਣੰ ਸਰਬਤ੍ਰ ਆਸਾ ਪੂਰਨਹ ॥ ਖੰਡਣੰ ਕਲਿ ਕਲੇਸਹ ਪ੍ਰਭ ਸਿਮਰਿ ਨਾਨਕ ਨਹ ਦੂਰਣਹ ॥੧॥ ਹਭਿ ਰੰਗ ਮਾਣਹਿ ਜਿਸੁ ਸੰਗਿ ਤੈ ਸਿਉ ਲਾਈਐ ਨੇਹੁ ॥ ਸੋ ਸਹੁ ਬਿੰਦ ਨ ਵਿਸਰਉ ਨਾਨਕ ਜਿਨਿ ਸੁੰਦਰੁ ਰਚਿਆ ਦੇਹੁ ॥੨॥ ਪਉੜੀ ॥ ਜੀਉ ਪ੍ਰਾਨ ਤਨੁ ਧਨੁ ਦੀਆ ਦੀਨੇ ਰਸ ਭੋਗ ॥ ਗ੍ਰਿਹ ਮੰਦਰ ਰਥ ਅਸੁ ਦੀਏ ਰਚਿ ਭਲੇ ਸੰਜੋਗ ॥ ਸੁਤ ਬਨਿਤਾ ਸਾਜਨ ਸੇਵਕ ਦੀਏ ਪ੍ਰਭ ਦੇਵਨ ਜੋਗ ॥ ਹਰਿ ਸਿਮਰਤ ਤਨੁ ਮਨੁ ਹਰਿਆ ਲਹਿ ਜਾਹਿ ਵਿਜੋਗ ॥ ਸਾਧਸੰਗਿ ਹਰਿ ਗੁਣ ਰਮਹੁ ਬਿਨਸੇ ਸਭਿ ਰੋਗ ॥੩॥ ਸਲੋਕ ॥ ਕੁਟੰਬ ਜਤਨ ਕਰਣੰ ਮਾਇਆ ਅਨੇਕ ਉਦਮਹ ॥ ਹਰਿ ਭਗਤਿ ਭਾਵ ਹੀਣੰ ਨਾਨਕ ਪ੍ਰਭ ਬਿਸਰਤ ਤੇ ਪ੍ਰੇਤਤਹ ॥੧॥ ਤੁਟੜੀਆ ਸਾ ਪ੍ਰੀਤਿ ਜੋ ਲਾਈ ਬਿਅੰਨ ਸਿਉ ॥ ਨਾਨਕ ਸਚੀ ਰੀਤਿ ਸਾਂਈ ਸੇਤੀ ਰਤਿਆ ॥੨॥ ਪਉੜੀ ॥ ਜਿਸੁ ਬਿਸਰਤ ਤਨੁ ਭਸਮ ਹੋਇ ਕਹਤੇ ਸਭਿ ਪ੍ਰੇਤੁ ॥ ਖਿਨੁ ਗ੍ਰਿਹ ਮਹਿ ਬਸਨ ਨ ਦੇਵਹੀ ਜਿਨ ਸਿਉ ਸੋਈ ਹੇਤੁ ॥ ਕਰਿ ਅਨਰਥ ਦਰਬੁ ਸੰਚਿਆ ਸੋ ਕਾਰਜਿ ਕੇਤੁ ॥ ਜੈਸਾ ਬੀਜੈ ਸੋ ਲੁਣੈ ਕਰਮ ਇਹੁ ਖੇਤੁ ॥ ਅਕਿਰਤਘਣਾ ਹਰਿ ਵਿਸਰਿਆ ਜੋਨੀ ਭਰਮੇਤੁ ॥੪॥ ਸਲੋਕ ॥ ਕੋਟਿ ਦਾਨ ਇਸਨਾਨੰ ਅਨਿਕ ਸੋਧਨ ਪਵਿਤ੍ਰਤਹ ॥ ਉਚਰੰਤਿ ਨਾਨਕ ਹਰਿ ਹਰਿ ਰਸਨਾ ਸਰਬ ਪਾਪ ਬਿਮੁਚਤੇ ॥੧॥ ਈਧਣੁ ਕੀਤੋਮੂ ਘਣਾ ਭੋਰੀ

ਦਿਤੀਮੁ ਭਾਹਿ ॥ ਮਨਿ ਵਸੰਦੜੋ ਸਚੁ ਸਹੁ ਨਾਨਕ ਹਭੇ ਡੁਖੜੇ ਉਲਾਹਿ ॥੨॥ ਪਉੜੀ ॥ ਕੋਟਿ ਅਘਾ ਸਭਿ ਨਾਸ
ਹੋਹਿ ਸਿਮਰਤ ਹਰਿ ਨਾਉ ॥ ਮਨ ਚਿੰਦੇ ਫਲ ਪਾਈਅਹਿ ਹਰਿ ਕੇ ਗੁਣ ਗਾਉ ॥ ਜਨਮ ਮਰਣ ਭੈ ਕਟੀਅਹਿ ਨਿਹਚਲ
ਸਚੁ ਥਾਉ ॥ ਪੂਰਬਿ ਹੋਵੈ ਲਿਖਿਆ ਹਰਿ ਚਰਣ ਸਮਾਉ ॥ ਕਰਿ ਕਿਰਪਾ ਪ੍ਰਭ ਰਾਖਿ ਲੇਹੁ ਨਾਨਕ ਬਲਿ ਜਾਉ
॥੫॥ ਸਲੋਕ ॥ ਗ੍ਰਿਹ ਰਚਨਾ ਅਪਾਰੰ ਮਨਿ ਬਿਲਾਸ ਸੁਆਦੰ ਰਸਹ ॥ ਕਦਾਂਚ ਨਹ ਸਿਮਰੰਤਿ ਨਾਨਕ ਤੇ ਜੰਤ
ਬਿਸਟਾ ਕ੍ਰਿਮਹ ॥੧॥ ਮੁਚੁ ਅਡੰਬਰੁ ਹਭੁ ਕਿਹੁ ਮੰਞਿ ਮੁਹਬਤਿ ਨੇਹ ॥ ਸੋ ਸਾਂਈ ਜੈਂ ਵਿਸਰੈ ਨਾਨਕ ਸੋ ਤਨੁ ਖੇਹ
॥੨॥ ਪਉੜੀ ॥ ਸੁੰਦਰ ਸੇਜ ਅਨੇਕ ਸੁਖ ਰਸ ਭੋਗਣ ਪੂਰੇ ॥ ਗ੍ਰਿਹ ਸੋਇਨ ਚੰਦਨ ਸੁਗੰਧ ਲਾਇ ਮੋਤੀ ਹੀਰੇ ॥ ਮਨ
ਇਛੇ ਸੁਖ ਮਾਣਦਾ ਕਿਛੁ ਨਾਹਿ ਵਿਸੂਰੇ ॥ ਸੋ ਪ੍ਰਭੁ ਚਿਤਿ ਨ ਆਵਈ ਵਿਸਟਾ ਕੇ ਕੀਰੇ ॥ ਬਿਨੁ ਹਰਿ ਨਾਮ ਨ
ਸਾਂਤਿ ਹੋਇ ਕਿਤੁ ਬਿਧਿ ਮਨੁ ਧੀਰੇ ॥੬॥ ਸਲੋਕ ॥ ਚਰਨ ਕਮਲ ਬਿਰਹੰ ਖੋਜੰਤ ਬੈਰਾਗੀ ਦਹ ਦਿਸਹ ॥ ਤਿਆਗੰਤ
ਕਪਟ ਰੂਪ ਮਾਇਆ ਨਾਨਕ ਆਨੰਦ ਰੂਪ ਸਾਧ ਸੰਗਮਹ ॥੧॥ ਮਨਿ ਸਾਂਈ ਮੁਖਿ ਉਚਰਾ ਵਤਾ ਹਭੇ ਲੋਅ ॥
ਨਾਨਕ ਹਭਿ ਅਡੰਬਰ ਕੂੜਿਆ ਸੁਣਿ ਜੀਵਾ ਸਚੀ ਸੋਇ ॥੨॥ ਪਉੜੀ ॥ ਬਸਤਾ ਤੂਟੀ ਝੁੰਪੜੀ ਚੀਰ ਸਭਿ ਛਿੰਨਾ ॥
ਜਾਤਿ ਨ ਪਤਿ ਨ ਆਦਰੋ ਉਦਿਆਨ ਭ੍ਰਮਿੰਨਾ ॥ ਮਿਤ੍ਰ ਨ ਇਠ ਧਨ ਰੂਪਹੀਣ ਕਿਛੁ ਸਾਕੁ ਨ ਸਿੰਨਾ ॥ ਰਾਜਾ
ਸਗਲੀ ਸ੍ਰਿਸਟਿ ਕਾ ਹਰਿ ਨਾਮਿ ਮਨੁ ਭਿੰਨਾ ॥ ਤਿਸ ਕੀ ਧੂੜਿ ਮਨੁ ਉਧਰੈ ਪ੍ਰਭੁ ਹੋਇ ਸੁਪ੍ਰਸੰਨਾ ॥੭॥ ਸਲੋਕ ॥
ਅਨਿਕ ਲੀਲਾ ਰਾਜ ਰਸ ਰੂਪੰ ਛਤ੍ਰ ਚਮਰ ਤਖਤ ਆਸਨੰ ॥ ਰਚੰਤਿ ਮੂੜ ਅਗਿਆਨ ਅੰਧਹ ਨਾਨਕ ਸੁਪਨ
ਮਨੋਰਥ ਮਾਇਆ ॥੧॥ ਸੁਪਨੈ ਹਭਿ ਰੰਗ ਮਾਣਿਆ ਮਿਠਾ ਲਗੜਾ ਮੋਹੁ ॥ ਨਾਨਕ ਨਾਮ ਵਿਹੂਣੀਆ ਸੁੰਦਰਿ
ਮਾਇਆ ਧ੍ਰੋਹੁ ॥੨॥ ਪਉੜੀ ॥ ਸੁਪਨੇ ਸੇਤੀ ਚਿਤੁ ਮੂਰਖਿ ਲਾਇਆ ॥ ਬਿਸਰੇ ਰਾਜ ਰਸ ਭੋਗ ਜਾਗਤ ਭਖਲਾਇਆ ॥
ਆਰਜਾ ਗਈ ਵਿਹਾਇ ਧੰਧੈ ਧਾਇਆ ॥ ਪੂਰਨ ਭਏ ਨ ਕਾਮ ਮੋਹਿਆ ਮਾਇਆ ॥ ਕਿਆ ਵੇਚਾਰਾ ਜੰਤੁ ਜਾ
ਆਪਿ ਭੁਲਾਇਆ ॥੮॥ ਸਲੋਕ ॥ ਬਸੰਤਿ ਸ੍ਵਰਗ ਲੋਕਹ ਜਿਤਤੇ ਪ੍ਰਿਥਵੀ ਨਵ ਖੰਡਣਹ ॥ ਬਿਸਰੰਤ ਹਰਿ ਗੋਪਾਲਹ
ਨਾਨਕ ਤੇ ਪ੍ਰਾਣੀ ਉਦਿਆਨ ਭਰਮਣਹ ॥੧॥ ਕਉਤਕ ਕੋਡ ਤਮਾਸਿਆ ਚਿਤਿ ਨ ਆਵਸੁ ਨਾਉ ॥ ਨਾਨਕ ਕੋੜੀ
ਨਰਕ ਬਰਾਬਰੇ ਉਜੜੁ ਸੋਈ ਥਾਉ ॥੨॥ ਪਉੜੀ ॥ ਮਹਾ ਭਇਆਨ ਉਦਿਆਨ ਨਗਰ ਕਰਿ ਮਾਨਿਆ ॥ ਝੂਠ

ਸਮਗ੍ਰੀ ਪੇਖਿ ਸਚੁ ਕਰਿ ਜਾਨਿਆ ॥ ਕਾਮ ਕ੍ਰੋਧਿ ਅਹੰਕਾਰਿ ਫਿਰਹਿ ਦੇਵਾਨਿਆ ॥ ਸਿਰਿ ਲਗਾ ਜਮ ਡੰਡੁ ਤਾ ਪਛੁਤਾਨਿਆ ॥ ਬਿਨੁ ਪੂਰੇ ਗੁਰਦੇਵ ਫਿਰੈ ਸੈਤਾਨਿਆ ॥੯॥ ਸਲੋਕ ॥ ਰਾਜ ਕਪਟੰ ਰੂਪ ਕਪਟੰ ਧਨ ਕਪਟੰ ਕੁਲ ਗਰਬਤਹ ॥ ਸੰਚੰਤਿ ਬਿਖਿਆ ਛਲੰ ਛਿਦ੍ਰੰ ਨਾਨਕ ਬਿਨੁ ਹਰਿ ਸੰਗਿ ਨ ਚਾਲਤੇ ॥੧॥ ਪੇਖੰਦੜੋ ਕੀ ਭੁਲੁ ਤੁੰਮਾ ਦਿਸਮੁ ਸੋਹਣਾ ॥ ਅਢੁ ਨ ਲਹੰਦੜੋ ਮੁਲੁ ਨਾਨਕ ਸਾਥਿ ਨ ਜੁਲਈ ਮਾਇਆ ॥੨॥ ਪਉੜੀ ॥ ਚਲਦਿਆ ਨਾਲਿ ਨ ਚਲੈ ਸੋ ਕਿਉ ਸੰਜੀਐ ॥ ਤਿਸ ਕਾ ਕਹੁ ਕਿਆ ਜਤਨੁ ਜਿਸ ਤੇ ਵੰਜੀਐ ॥ ਹਰਿ ਬਿਸਰਿਐ ਕਿਉ ਤ੍ਰਿਪਤਾਵੈ ਨਾ ਮਨੁ ਰੰਜੀਐ ॥ ਪ੍ਰਭੂ ਛੋਡਿ ਅਨ ਲਾਗੈ ਨਰਕਿ ਸਮੰਜੀਐ ॥ ਹੋਹੁ ਕ੍ਰਿਪਾਲ ਦਇਆਲ ਨਾਨਕ ਭਉ ਭੰਜੀਐ ॥੧੦॥ ਸਲੋਕ ॥ ਨਚ ਰਾਜ ਸੁਖ ਮਿਸਟੰ ਨਚ ਭੋਗ ਰਸ ਮਿਸਟੰ ਨਚ ਮਿਸਟੰ ਸੁਖ ਮਾਇਆ ॥ ਮਿਸਟੰ ਸਾਧਸੰਗਿ ਹਰਿ ਨਾਨਕ ਦਾਸ ਮਿਸਟੰ ਪ੍ਰਭ ਦਰਸਨੰ ॥੧॥ ਲਗੜਾ ਸੋ ਨੇਹੁ ਮੰਨ ਮਝਾਹੂ ਰਤਿਆ ॥ ਵਿਧੜੋ ਸਚ ਥੋਕਿ ਨਾਨਕ ਮਿਠੜਾ ਸੋ ਧਣੀ ॥੨॥ ਪਉੜੀ ॥ ਹਰਿ ਬਿਨੁ ਕਛੂ ਨ ਲਾਗਈ ਭਗਤਨ ਕਉ ਮੀਠਾ ॥ ਆਨ ਸੁਆਦ ਸਭਿ ਫੀਕਿਆ ਕਰਿ ਨਿਰਨਉ ਡੀਠਾ ॥ ਅਗਿਆਨੁ ਭਰਮੁ ਦੁਖੁ ਕਟਿਆ ਗੁਰ ਭਏ ਬਸੀਠਾ ॥ ਚਰਨ ਕਮਲ ਮਨੁ ਬੇਧਿਆ ਜਿਉ ਰੰਗੁ ਮਜੀਠਾ ॥ ਜੀਉ ਪ੍ਰਾਣ ਤਨੁ ਮਨੁ ਪ੍ਰਭੂ ਬਿਨਸੇ ਸਭਿ ਝੂਠਾ ॥੧੧॥ ਸਲੋਕ ॥ ਤਿਅਕਤ ਜਲੰ ਨਹ ਜੀਵ ਮੀਨੰ ਨਹ ਤਿਆਗਿ ਚਾਤ੍ਰਿਕ ਮੇਘ ਮੰਡਲਹ ॥ ਬਾਣ ਬੇਧੰਚ ਕੁਰੰਕ ਨਾਦੰ ਅਲਿ ਬੰਧਨ ਕੁਸਮ ਬਾਸਨਹ ॥ ਚਰਨ ਕਮਲ ਰਚੰਤਿ ਸੰਤਹ ਨਾਨਕ ਆਨ ਨ ਰੁਚਤੇ ॥੧॥ ਮੁਖੁ ਡੇਖਾਊ ਪਲਕ ਛਡਿ ਆਨ ਨ ਡੇਊ ਚਿਤੁ ॥ ਜੀਵਣ ਸੰਗਮੁ ਤਿਸੁ ਧਣੀ ਹਰਿ ਨਾਨਕ ਸੰਤਾਂ ਮਿਤੁ ॥੨॥ ਪਉੜੀ ॥ ਜਿਉ ਮਛੁਲੀ ਬਿਨੁ ਪਾਣੀਐ ਕਿਉ ਜੀਵਣੁ ਪਾਵੈ ॥ ਬੂੰਦ ਵਿਹੂਣਾ ਚਾਤ੍ਰਿਕੋ ਕਿਉ ਕਰਿ ਤ੍ਰਿਪਤਾਵੈ ॥ ਨਾਦ ਕੁਰੰਕਹਿ ਬੇਧਿਆ ਸਨਮੁਖ ਉਠਿ ਧਾਵੈ ॥ ਭਵਰੁ ਲੋਭੀ ਕੁਸਮ ਬਾਸੁ ਕਾ ਮਿਲਿ ਆਪੁ ਬੰਧਾਵੈ ॥ ਤਿਉ ਸੰਤ ਜਨਾ ਹਰਿ ਪ੍ਰੀਤਿ ਹੈ ਦੇਖਿ ਦਰਸੁ ਅਘਾਵੈ ॥੧੨॥ ਸਲੋਕ ॥ ਚਿਤਵੰਤਿ ਚਰਨ ਕਮਲੰ ਸਾਸਿ ਸਾਸਿ ਅਰਾਧਨਹ ॥ ਨਹ ਬਿਸਰੰਤਿ ਨਾਮ ਅਚੁਤ ਨਾਨਕ ਆਸ ਪੂਰਨ ਪਰਮੇਸੁਰਹ ॥੧॥ ਸੀਤੜਾ ਮੰਨ ਮੰਝਾਹਿ ਪਲਕ ਨ ਥੀਵੈ ਬਾਹਰਾ ॥ ਨਾਨਕ ਆਸੜੀ ਨਿਬਾਹਿ ਸਦਾ ਪੇਖੰਦੋ ਸਚੁ ਧਣੀ ॥੨॥ ਪਉੜੀ ॥ ਆਸਾਵੰਤੀ ਆਸ ਗੁਸਾਈ ਪੂਰੀਐ ॥ ਮਿਲਿ ਗੋਪਾਲ ਗੋਬਿੰਦ ਨ ਕਬਹੂ ਝੂਰੀਐ ॥ ਦੇਹੁ ਦਰਸੁ ਮਨਿ ਚਾਉ ਲਹਿ

ਜਾਹਿ ਵਿਸੂਰੀਐ ॥ ਹੋਇ ਪਵਿਤ੍ਰ ਸਰੀਰੁ ਚਰਨਾ ਧੂਰੀਐ ॥ ਪਾਰਬ੍ਰਹਮ ਗੁਰਦੇਵ ਸਦਾ ਹਜੂਰੀਐ ॥੧੩॥ ਸਲੋਕ ॥ ਰਸਨਾ ਉਚਰੰਤਿ ਨਾਮੰ ਸ੍ਰਵਣੰ ਸੁਨੰਤਿ ਸਬਦ ਅੰਮ੍ਰਿਤਹ ॥ ਨਾਨਕ ਤਿਨ ਸਦ ਬਲਿਹਾਰੰ ਜਿਨਾ ਧਿਆਨੁ ਪਾਰਬ੍ਰਹਮਣਹ ॥੧॥ ਹਭਿ ਕੂੜਾਵੇ ਕੰਮ ਇਕਸੁ ਸਾਈ ਬਾਹਰੇ ॥ ਨਾਨਕ ਸੇਈ ਧੰਨੁ ਜਿਨਾ ਪਿਰਹੜੀ ਸਚ ਸਿਉ ॥੨॥ ਪਉੜੀ ॥ ਸਦ ਬਲਿਹਾਰੀ ਤਿਨਾ ਜਿ ਸੁਨਤੇ ਹਰਿ ਕਥਾ ॥ ਪੂਰੇ ਤੇ ਪਰਧਾਨ ਨਿਵਾਵਹਿ ਪ੍ਰਭ ਮਥਾ ॥ ਹਰਿ ਜਸੁ ਲਿਖਹਿ ਬੇਅੰਤ ਸੋਹਹਿ ਸੇ ਹਥਾ ॥ ਚਰਨ ਪੁਨੀਤ ਪਵਿਤ੍ਰ ਚਾਲਹਿ ਪ੍ਰਭ ਪਥਾ ॥ ਸੰਤਾਂ ਸੰਗਿ ਉਧਾਰੁ ਸਗਲਾ ਦੁਖੁ ਲਥਾ ॥੧੪॥ ਸਲੋਕੁ ॥ ਭਾਵੀ ਉਦੋਤ ਕਰਣੰ ਹਰਿ ਰਮਣੰ ਸੰਜੋਗ ਪੂਰਨਹ ॥ ਗੋਪਾਲ ਦਰਸ ਭੇਟੰ ਸਫਲ ਨਾਨਕ ਸੋ ਮਹੂਰਤਹ ॥੧॥ ਕੀਮ ਨ ਸਕਾ ਪਾਇ ਸੁਖ ਮਿਤੀ ਹੂ ਬਾਹਰੇ ॥ ਨਾਨਕ ਸਾ ਵੇਲੜੀ ਪਰਵਾਣੁ ਜਿਤੁ ਮਿਲੰਦੜੋ ਮਾ ਪਿਰੀ ॥੨॥ ਪਉੜੀ ॥ ਸਾ ਵੇਲਾ ਕਹੁ ਕਉਣੁ ਹੈ ਜਿਤੁ ਪ੍ਰਭ ਕਉ ਪਾਈ ॥ ਸੋ ਮੂਰਤੁ ਭਲਾ ਸੰਜੋਗੁ ਹੈ ਜਿਤੁ ਮਿਲੈ ਗੁਸਾਈ ॥ ਆਠ ਪਹਰ ਹਰਿ ਧਿਆਇ ਕੈ ਮਨ ਇਛ ਪੁਜਾਈ ॥ ਵਡੈ ਭਾਗਿ ਸਤਸੰਗੁ ਹੋਇ ਨਿਵਿ ਲਾਗਾ ਪਾਈ ॥ ਮਨਿ ਦਰਸਨ ਕੀ ਪਿਆਸ ਹੈ ਨਾਨਕ ਬਲਿ ਜਾਈ ॥੧੫॥ ਸਲੋਕ ॥ ਪਤਿਤ ਪੁਨੀਤ ਗੋਬਿੰਦਹ ਸਰਬ ਦੋਖ ਨਿਵਾਰਣਹ ॥ ਸਰਣਿ ਸੂਰ ਭਗਵਾਨਹ ਜਪੰਤਿ ਨਾਨਕ ਹਰਿ ਹਰਿ ਹਰੇ ॥੧॥ ਛਡਿਓ ਹਭੁ ਆਪੁ ਲਗੜੋ ਚਰਣਾ ਪਾਸਿ ॥ ਨਠੜੋ ਦੁਖ ਤਾਪੁ ਨਾਨਕ ਪ੍ਰਭੁ ਪੇਖੰਦਿਆ ॥੨॥ ਪਉੜੀ ॥ ਮੇਲਿ ਲੈਹੁ ਦਇਆਲ ਢਹਿ ਪਏ ਦੁਆਰਿਆ ॥ ਰਖਿ ਲੇਵਹੁ ਦੀਨ ਦਇਆਲ ਭ੍ਰਮਤ ਬਹੁ ਹਾਰਿਆ ॥ ਭਗਤਿ ਵਛਲੁ ਤੇਰਾ ਬਿਰਦੁ ਹਰਿ ਪਤਿਤ ਉਧਾਰਿਆ ॥ ਤੁਝ ਬਿਨੁ ਨਾਹੀ ਕੋਇ ਬਿਨਉ ਮੋਹਿ ਸਾਰਿਆ ॥ ਕਰੁ ਗਹਿ ਲੇਹੁ ਦਇਆਲ ਸਾਗਰ ਸੰਸਾਰਿਆ ॥੧੬॥ ਸਲੋਕ ॥ ਸੰਤ ਉਧਰਣ ਦਇਆਲੰ ਆਸਰੰ ਗੋਪਾਲ ਕੀਰਤਨਹ ॥ ਨਿਰਮਲੰ ਸੰਤ ਸੰਗੇਣ ਓਟ ਨਾਨਕ ਪਰਮੇਸੁਰਹ ॥੧॥ ਚੰਦਨ ਚੰਦੁ ਨ ਸਰਦ ਰੁਤਿ ਮੂਲਿ ਨ ਮਿਟਈ ਘਾਂਮ ॥ ਸੀਤਲੁ ਥੀਵੈ ਨਾਨਕਾ ਜਪੰਦੜੋ ਹਰਿ ਨਾਮੁ ॥੨॥ ਪਉੜੀ ॥ ਚਰਨ ਕਮਲ ਕੀ ਓਟ ਉਧਰੇ ਸਗਲ ਜਨ ॥ ਸੁਣਿ ਪਰਤਾਪੁ ਗੋਵਿੰਦ ਨਿਰਭਉ ਭਏ ਮਨ ॥ ਤੋਟਿ ਨ ਆਵੈ ਮੂਲਿ ਸੰਚਿਆ ਨਾਮੁ ਧਨ ॥ ਸੰਤ ਜਨਾ ਸਿਉ ਸੰਗੁ ਪਾਈਐ ਵਡੈ ਪੁਨ ॥ ਆਠ ਪਹਰ ਹਰਿ ਧਿਆਇ ਹਰਿ ਜਸੁ ਨਿਤ ਸੁਨ ॥੧੭॥ ਸਲੋਕ ॥ ਦਇਆ ਕਰਣੰ ਦੁਖ ਹਰਣੰ ਉਚਰਣੰ ਨਾਮ ਕੀਰਤਨਹ ॥ ਦਇਆਲ

ਪੁਰਖ ਭਗਵਾਨਹ ਨਾਨਕ ਲਿਪਤ ਨ ਮਾਇਆ ॥੧॥ ਭਾਹਿ ਬਲੰਦੜੀ ਬੁਝਿ ਗਈ ਰਖੰਦੜੋ ਪ੍ਰਭੁ ਆਪਿ ॥ ਜਿਨਿ ਉਪਾਈ ਮੇਦਨੀ ਨਾਨਕ ਸੋ ਪ੍ਰਭੁ ਜਾਪਿ ॥੨॥ ਪਉੜੀ ॥ ਜਾ ਪ੍ਰਭ ਭਏ ਦਇਆਲ ਨ ਬਿਆਪੈ ਮਾਇਆ ॥ ਕੋਟਿ ਅਘਾ ਗਏ ਨਾਸ ਹਰਿ ਇਕੁ ਧਿਆਇਆ ॥ ਨਿਰਮਲ ਭਏ ਸਰੀਰ ਜਨ ਧੂਰੀ ਨਾਇਆ ॥ ਮਨ ਤਨ ਭਏ ਸੰਤੋਖ ਪੂਰਨ ਪ੍ਰਭੁ ਪਾਇਆ ॥ ਤਰੇ ਕੁਟੰਬ ਸੰਗਿ ਲੋਗ ਕੁਲ ਸਬਾਇਆ ॥੧੮॥ ਸਲੋਕ ॥ ਗੁਰ ਗੋਬਿੰਦ ਗੋਪਾਲ ਗੁਰ ਗੁਰ ਪੂਰਨ ਨਾਰਾਇਣਹ ॥ ਗੁਰ ਦਇਆਲ ਸਮਰਥ ਗੁਰ ਗੁਰ ਨਾਨਕ ਪਤਿਤ ਉਧਾਰਣਹ ॥੧॥ ਭਉਜਲੁ ਬਿਖਮੁ ਅਸਗਾਹੁ ਗੁਰਿ ਬੋਹਿਥੈ ਤਾਰਿਅਮੁ ॥ ਨਾਨਕ ਪੂਰ ਕਰੰਮ ਸਤਿਗੁਰ ਚਰਣੀ ਲਗਿਆ ॥੨॥ ਪਉੜੀ ॥ ਧੰਨੁ ਧੰਨੁ ਗੁਰਦੇਵ ਜਿਸੁ ਸੰਗਿ ਹਰਿ ਜਪੇ ॥ ਗੁਰ ਕ੍ਰਿਪਾਲ ਜਬ ਭਏ ਤ ਅਵਗੁਣ ਸਭਿ ਛਪੇ ॥ ਪਾਰਬ੍ਰਹਮ ਗੁਰਦੇਵ ਨੀਚਹੁ ਉਚ ਥਪੇ ॥ ਕਾਟਿ ਸਿਲਕ ਦੁਖ ਮਾਇਆ ਕਰਿ ਲੀਨੇ ਅਪ ਦਸੇ ॥ ਗੁਣ ਗਾਏ ਬੇਅੰਤ ਰਸਨਾ ਹਰਿ ਜਸੇ ॥੧੯॥ ਸਲੋਕ ॥ ਦ੍ਰਿਸਟੰਤ ਏਕੋ ਸੁਨੀਅੰਤ ਏਕੋ ਵਰਤੰਤ ਏਕੋ ਨਰਹਰਹ ॥ ਨਾਮ ਦਾਨੁ ਜਾਚੰਤਿ ਨਾਨਕ ਦਇਆਲ ਪੁਰਖ ਕ੍ਰਿਪਾ ਕਰਹ ॥੧॥ ਹਿਕੁ ਸੇਵੀ ਹਿਕੁ ਸੰਮਲਾ ਹਰਿ ਇਕਸੁ ਪਹਿ ਅਰਦਾਸਿ ॥ ਨਾਮ ਵਖਰੁ ਧਨੁ ਸੰਚਿਆ ਨਾਨਕ ਸਚੀ ਰਾਸਿ ॥੨॥ ਪਉੜੀ ॥ ਪ੍ਰਭ ਦਇਆਲ ਬੇਅੰਤ ਪੂਰਨ ਇਕੁ ਏਹੁ ॥ ਸਭੁ ਕਿਛੁ ਆਪੇ ਆਪਿ ਦੂਜਾ ਕਹਾ ਕੇਹੁ ॥ ਆਪਿ ਕਰਹੁ ਪ੍ਰਭ ਦਾਨੁ ਆਪੇ ਆਪਿ ਲੇਹੁ ॥ ਆਵਣ ਜਾਣਾ ਹੁਕਮੁ ਸਭੁ ਨਿਹਚਲੁ ਤੁਧੁ ਥੇਹੁ ॥ ਨਾਨਕੁ ਮੰਗੈ ਦਾਨੁ ਕਰਿ ਕਿਰਪਾ ਨਾਮੁ ਦੇਹੁ ॥੨੦॥੧॥

ਜੈਤਸਰੀ ਬਾਣੀ ਭਗਤਾ ਕੀ ੴ ਸਤਿਗੁਰ ਪ੍ਰਸਾਦਿ ॥

ਨਾਥ ਕਛੂਅ ਨ ਜਾਨਉ॥ ਮਨੁ ਮਾਇਆ ਕੈ ਹਾਥਿ ਬਿਕਾਨਉ॥੧॥ ਰਹਾਉ ॥ ਤੁਮ ਕਹੀਅਤ ਹੌ ਜਗਤ ਗੁਰ ਸੁਆਮੀ ॥ ਹਮ ਕਹੀਅਤ ਕਲਿਜੁਗ ਕੇ ਕਾਮੀ ॥੧॥ ਇਨ ਪੰਚਨ ਮੇਰੋ ਮਨੁ ਜੁ ਬਿਗਾਰਿਓ ॥ ਪਲੁ ਪਲੁ ਹਰਿ ਜੀ ਤੇ ਅੰਤਰੁ ਪਾਰਿਓ ॥੨॥ ਜਤ ਦੇਖਉ ਤਤ ਦੁਖ ਕੀ ਰਾਸੀ ॥ ਅਜੌਂ ਨ ਪਤ੍ਯਾਇ ਨਿਗਮ ਭਏ ਸਾਖੀ ॥੩॥ ਗੋਤਮ ਨਾਰਿ ਉਮਾਪਤਿ ਸ੍ਵਾਮੀ ॥ ਸੀਸੁ ਧਰਨਿ ਸਹਸ ਭਗ ਗਾਂਮੀ ॥੪॥ ਇਨ ਦੂਤਨ ਖਲੁ ਬਧੁ ਕਰਿ ਮਾਰਿਓ ॥ ਬਡੋ ਨਿਲਾਜੁ ਅਜਹੂ ਨਹੀ ਹਾਰਿਓ ॥੫॥ ਕਹਿ ਰਵਿਦਾਸ ਕਹਾ ਕੈਸੇ ਕੀਜੈ ॥ ਬਿਨੁ ਰਘੁਨਾਥ ਸਰਨਿ ਕਾ ਕੀ ਲੀਜੈ ॥੬॥੧॥